ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਵੀਰਵਾਰ, 26 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੮, ੧੩ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸਰਪੰਚ ਦੇ ਭਰਾ ਨੂੰ ਮਾਰੀਆਂ ਗੋਲੀਆਂ, ਗੈਂਗਸਟਰ ਜੋਰਾ ਨੇ ਲੈ ਲਈ ਜ਼ਿੰਮੇਵਾਰੀ

**ਗੁਰਦਾਸਪੁਰ, 25 ਮਾਰਚ (ਆਵਾਜ਼ਿ ਕੌਮ ਬਿਊਰੋ)**-ਗੁਰਦਾਸਪੁਰ ਦੇ ਡੇਰਾ ਬਾਬਾ ਨਾਨਕ ਦੇ ਅਧੀਨ ਆਉਂਦੇ ਪਿੰਡ ਸ਼ਾਹਪੁਰ ਜਾਜਨ ਵਿੱਚ ਦਿਨ-ਦਿਹਾੜੇ ਸਰਪੰਚ ਦੇ ਭਰਾ 'ਤੇ ਫਾਇਰਿੰਗ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਹਮਲੇ ਵਿੱਚ ਸਰਪੰਚ ਨਵਦੀਪ ਸਿੰਘ ਦਾ ਭਰਾ ਸੁਖਰਾਜ ਸਿੰਘ ਉਰਫ਼ ਕਾਕਾ ਪੱਡਾ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਹੈ, ਜਿਸ ਨੂੰ ਦੋ ਗੋਲੀਆਂ ਲੱਗੀਆਂ ਹਨ। ਜਾਣਕਾਰੀ ਅਨੁਸਾਰ ਸੁਖਰਾਜ ਸਿੰਘ ਆਪਣੇ ਪਿੰਡ ਪੱਡਾ ਤੋਂ ਕਿਸੇ ਨਿੱਜੀ ਕੰਮ ਲਈ ਨੇੜਲੇ ਪਿੰਡ ਸ਼ਾਹਪੁਰ ਜਾਜਨ ਜਾ ਰਿਹਾ ਸੀ। ਉੱਥੇ ਪਹਿਲਾਂ ਤੋਂ ਹੀ ਦੋ ਬਾਈਕਾਂ 'ਤੇ ਸਵਾਰ ਚਾਰ ਨਕਾਬਪੋਸ਼ ਨੌਜਵਾਨ ਉਸ ਦਾ ਇੰਤਜ਼ਾਰ ਕਰ ਰਹੇ ਸਨ। ਸੁਖਰਾਜ ਸਿੰਘ ਨੇ ਦੱਸਿਆ ਕਿ ਹਮਲਾਵਰਾਂ ਨੇ ਪਿੱਛੇ ਤੋਂ ਆ ਕੇ ਉਸ 'ਤੇ 6 ਤੋਂ 7 ਰਾਊਂਡ ਫਾਇਰ ਕੀਤੇ, ਜਿਨ੍ਹਾਂ ਵਿੱਚੋਂ ਇੱਕ ਗੋਲੀ ਉਸਦੀ ਬਾਂਹ ਅਤੇ ਇੱਕ ਲੱਕ ਵਿੱਚ ਲੱਗੀ। ਇਸ ਵਾਰਦਾਤ ਤੋਂ ਬਾਅਦ ਡੇਰਾ ਬਾਬਾ ਨਾਨਕ ਦੇ ਗੈਂਗਸਟਰ ਜੋਰਾ ਅਤੇ ਉਸਦੇ ਭਰਾ ਮਿੰਟੂ ਜੋਰਾ ਨੇ ਸੋਸ਼ਲ ਮੀਡੀਆ 'ਤੇ ਇੱਕ ਪੋਸਟ ਪਾ ਕੇ ਇਸ ਹਮਲੇ ਦੀ ਜ਼ਿੰਮੇਵਾਰੀ ਲਈ ਹੈ। ਪੋਸਟ ਵਿੱਚ ਉਨ੍ਹਾਂ ਲਿਖਿਆ ਹੈ ਕਿ ਸੁਖਰਾਜ ਉਨ੍ਹਾਂ ਦੇ ਭਰਾਵਾਂ ਦਾ ਨੁਕਸਾਨ ਕਰਨਾ ਚਾਹੁੰਦਾ ਸੀ ਅਤੇ ਜੋ ਕੋਈ ਵੀ ਉਨ੍ਹਾਂ ਦੇ ਭਰਾਵਾਂ ਦਾ ਨੁਕਸਾਨ ਕਰੇਗਾ, ਉਸ ਦਾ ਇਹੀ ਹਾਲ ਹੋਵੇਗਾ। ਹਾਲਾਂਕਿ 'ਅਸੀਂ' ਇਸ ਪੋਸਟ ਦੀ ਪੁਸ਼ਟੀ ਨਹੀਂ ਕਰਦੇ।

## ਮਿਡਲ ਈਸਟ ਦੇ ਹਾਲਾਤ 'ਤੇ ਕੇਂਦਰ ਨੇ ਬੁਲਾਈ ਸਰਵ-ਪਾਰਟੀ ਮੀਟਿੰਗ

# TMC ਵੱਲੋਂ ਬੈਠਕ ਦਾ ਬਾਈਕਾਟ



**ਨਵੀਂ ਦਿੱਲੀ, 25 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੱਛਮੀ ਏਸ਼ੀਆ ਵਿੱਚ ਜਾਰੀ ਤਣਾਅ ਅਤੇ ਵਿਸ਼ਵਵਿਆਪੀ ਚਿੰਤਾਵਾਂ ਦੇ ਵਿਚਕਾਰ ਕੇਂਦਰ ਸਰਕਾਰ ਵੱਲੋਂ ਬੁਲਾਈ ਗਈ ਸਰਬ ਪਾਰਟੀ ਮੀਟਿੰਗ ਅੱਜ ਸ਼ੁਰੂ ਹੋ ਗਈ ਹੈ। ਇਸ ਅਹਿਮ ਬੈਠਕ ਦੀ ਪ੍ਰਧਾਨਗੀ ਰੱਖਿਆ ਮੰਤਰੀ ਰਾਜਨਾਥ ਸਿੰਘ ਕਰ ਰਹੇ ਹਨ। ਬੈਠਕ ਦਾ ਮੁੱਖ ਉਦੇਸ਼ ਮੱਧ ਪੂਰਬ ਦੇ ਮੌਜੂਦਾ ਹਾਲਾਤ 'ਤੇ ਚਰਚਾ ਕਰਨਾ ਅਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਸੁਝਾਅ ਲੈਣਾ ਹੈ। ਤ੍ਰਿਣਮੂਲ ਕਾਂਗਰਸ (TMC) ਨੇ ਇਸ ਸਰਬ ਪਾਰਟੀ ਮੀਟਿੰਗ ਦਾ ਪੂਰੀ ਤਰ੍ਹਾਂ ਬਾਈਕਾਟ ਕੀਤਾ ਹੈ। ਟੀਐਮਸੀ ਦੇ ਸਾਂਸਦ ਸੌਗਤ ਰਾਏ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਦੀ ਲੜਾਈ ਭਾਜਪਾ ਨਾਲ ਹੈ, ਇਸ ਲਈ ਉਹ ਉਨ੍ਹਾਂ ਨਾਲ ਮੀਟਿੰਗ ਵਿੱਚ ਸ਼ਾਮਲ ਨਹੀਂ ਹੋਣਗੇ। ਦੂਜੇ ਪਾਸੇ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਵੀ ਕੇਰਲ ਵਿੱਚ ਇੱਕ ਪੂਰਵ-ਨਿਰਧਾਰਤ ਪ੍ਰੋਗਰਾਮ ਕਾਰਨ ਇਸ ਬੈਠਕ ਵਿੱਚ ਸ਼ਾਮਲ ਨਹੀਂ ਹੋ ਸਕੇ। ਮੀਟਿੰਗ ਵਿੱਚ ਸ਼ਾਮਲ ਨਾ ਹੁੰਦਿਆਂ ਰਾਹੁਲ ਗਾਂਧੀ ਨੇ ਕੇਂਦਰ ਸਰਕਾਰ ਦੀ ਵਿਦੇਸ਼ ਨੀਤੀ 'ਤੇ ਸਖ਼ਤ ਨਿਸ਼ਾਨਾ ਸਾਧਿਆ। ਉਨ੍ਹਾਂ ਦੋਸ਼ ਲਾਇਆ ਕਿ ਦੇਸ਼ ਦੀ ਵਿਦੇਸ਼ ਨੀਤੀ ਹੁਣ ਸਰਕਾਰ ਦੀ ਨਿੱਜੀ ਪਾਲਿਸੀ ਬਣ ਗਈ ਹੈ ਅਤੇ ਇਹ ਇੱਕ "ਯੂਨੀਵਰਸਲ ਮਜ਼ਾਕ" ਵਾਂਗ ਜਾਪਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਅਮਰੀਕਾ ਅਤੇ ਇਜ਼ਰਾਈਲ ਦੇ ਕਹੇ ਅਨੁਸਾਰ ਚੱਲ ਰਹੇ ਹਨ, ਜਿਸ ਦਾ ਨੁਕਸਾਨ ਆਉਣ ਵਾਲੇ ਸਮੇਂ ਵਿੱਚ ਲੋਕਾਂ ਨੂੰ ਝੱਲਣਾ ਪਵੇਗਾ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰਾਜ ਸਭਾ ਵਿੱਚ ਦੱਸਿਆ ਕਿ ਪੱਛਮੀ ਏਸ਼ੀਆ ਦੇ ਯੁੱਧ ਕਾਰਨ ਪੈਦਾ ਹੋਣ ਵਾਲੀਆਂ ਸਥਿਤੀਆਂ ਨਾਲ ਨਜਿੱਠਣ ਲਈ ਸੱਤ ਨਵੇਂ ਅਧਿਕਾਰ ਪ੍ਰਾਪਤ ਸਮੂਹਾਂ ਦਾ ਗਠਨ ਕੀਤਾ ਗਿਆ ਹੈ। ਇਹ ਸਮੂਹ ਐਲਪੀਜੀ, ਜ਼ਰੂਰੀ ਸੇਵਾਵਾਂ ਦੀ ਸਪਲਾਈ ਅਤੇ ਹੋਰ ਮਹੱਤਵਪੂਰਨ ਖੇਤਰਾਂ ਦੀ ਨਿਯਮਤ ਨਿਗਰਾਨੀ ਕਰਨਗੇ। ਸਰਕਾਰ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਦੇਸ਼ ਵਿੱਚ ਤੇਲ ਅਤੇ ਗੈਸ ਦੀ ਕੋਈ ਕਮੀ ਨਹੀਂ ਹੈ। ਇਸ ਬੈਠਕ ਵਿੱਚ ਗ੍ਰਹਿ ਮੰਤਰੀ ਅਮਿਤ ਸ਼ਾਹ, ਭਾਜਪਾ ਪ੍ਰਧਾਨ ਜੇਪੀ ਨੱਡਾ, ਵਿਦੇਸ਼ ਮੰਤਰੀ ਐਸ ਜੈਸ਼ੰਕਰ, ਪੈਟਰੋਲੀਅਮ ਮੰਤਰੀ ਹਰਦੀਪ ਪੁਰੀ ਅਤੇ ਵਿਦੇਸ਼ ਸਕੱਤਰ ਵਿਕਰਮ ਮਿਸਰੀ ਹਾਜ਼ਰ ਸਨ।

## ਦਿੱਲੀ 'ਚ ਬੇਘਰ ਹੋਵੇਗੀ ਕਾਂਗਰਸ ? ਕਾਂਗਰਸ ਨੂੰ ਦਫ਼ਤਰ ਖਾਲੀ ਕਰਨ ਦਾ ਨੋਟਿਸ

**ਨਵੀਂ ਦਿੱਲੀ, 25 ਮਾਰਚ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਵਿੱਚ ਕਾਂਗਰਸ ਪਾਰਟੀ ਨੂੰ ਆਪਣਾ ਪੁਰਾਣਾ ਦਫ਼ਤਰ 24 ਅਕਬਰ ਰੋਡ ਬੰਗਲਾ ਖਾਲੀ ਕਰਨ ਦਾ ਨੋਟਿਸ ਮਿਲਿਆ ਹੈ। ਸੂਤਰਾਂ ਤੋਂ ਪਤਾ ਚੱਲਦਾ ਹੈ ਕਿ ਕਾਂਗਰਸ ਪਾਰਟੀ ਨੇ ਨਵੇਂ ਇੰਦਰਾ ਭਵਨ ਵਿੱਚ ਜਾਣ ਤੋਂ ਬਾਅਦ ਪੁਰਾਣਾ ਬੰਗਲਾ ਖਾਲੀ ਨਹੀਂ ਕੀਤਾ ਸੀ। ਪਾਰਟੀ ਦੀਆਂ ਗਤੀਵਿਧੀਆਂ ਉੱਥੇ ਆਮ ਵਾਂਗ ਜਾਰੀ ਹਨ। ਇਸ ਤੋਂ ਇਲਾਵਾ, ਕਾਂਗਰਸ ਪਾਰਟੀ ਨੂੰ 5 ਰਾਏਸੀਨਾ ਰੋਡ ਸਥਿਤ ਯੂਥ ਕਾਂਗਰਸ ਦਫ਼ਤਰ ਖਾਲੀ ਕਰਨ ਦਾ ਨੋਟਿਸ ਵੀ ਮਿਲਿਆ ਹੈ।




**ਦੋ ਪਾਰਟੀ ਦਫ਼ਤਰ ਖਾਲੀ ਕਰਨ ਦੇ ਆਦੇਸ਼ :** ਕਾਂਗਰਸ ਨੂੰ ਅੱਜ ਵੱਡਾ ਝਟਕਾ ਲੱਗਾ ਹੈ। ਸੂਤਰਾਂ ਅਨੁਸਾਰ, ਪਾਰਟੀ ਨੂੰ ਆਪਣਾ 24 ਅਕਬਰ ਰੋਡ ਬੰਗਲਾ ਖਾਲੀ ਕਰਨ ਦਾ ਨੋਟਿਸ ਮਿਲਿਆ ਹੈ। ਪਾਰਟੀ ਨੂੰ 28 ਮਾਰਚ ਤੱਕ ਪੁਰਾਣਾ ਬੰਗਲਾ ਖਾਲੀ ਕਰਨ ਲਈ ਕਿਹਾ ਗਿਆ ਹੈ। ਇਸ ਤੋਂ ਇਲਾਵਾ, 5 ਰਾਏਸੀਨਾ ਰੋਡ ਸਥਿਤ ਯੂਥ ਕਾਂਗਰਸ ਦਫ਼ਤਰ ਨੂੰ ਵੀ ਖਾਲੀ ਕਰਨ ਦਾ ਨੋਟਿਸ ਮਿਲਿਆ ਹੈ।

**ਕਾਨੂੰਨੀ ਵਿਕਲਪਾਂ 'ਤੇ ਵਿਚਾਰ ਕਰਨਾ :** ਪਿਛਲੇ 48 ਸਾਲਾਂ ਤੋਂ, ਕਾਂਗਰਸ ਦਾ ਮੁੱਖ ਦਫਤਰ 24 ਅਕਬਰ ਰੋਡ ਸਥਿਤ ਬੰਗਲੇ ਵਿੱਚ ਹੈ। ਹਾਲਾਂਕਿ ਨਵੇਂ ਕਾਂਗਰਸ ਮੁੱਖ ਦਫਤਰ, "ਇੰਦਰਾ ਭਵਨ" ਦਾ ਉਦਘਾਟਨ ਪਿਛਲੇ ਸਾਲ ਕੀਤਾ ਗਿਆ ਸੀ, ਪਰ ਕਾਂਗਰਸ ਨੇ 24 ਅਕਬਰ ਰੋਡ ਸਥਿਤ ਆਪਣਾ ਦਫਤਰ ਖਾਲੀ ਨਹੀਂ ਕੀਤਾ ਹੈ। ਪਾਰਟੀ ਦੀਆਂ ਗਤੀਵਿਧੀਆਂ ਉੱਥੇ ਆਮ ਵਾਂਗ ਜਾਰੀ ਹਨ। ਨੋਟਿਸ ਮਿਲਣ ਤੋਂ ਬਾਅਦ, ਪਾਰਟੀ ਰਾਹਤ ਲਈ ਕਾਨੂੰਨੀ ਵਿਕਲਪਾਂ 'ਤੇ ਵਿਚਾਰ ਕਰ ਰਹੀ ਹੈ।

## ਅਮਰੀਕਨ ਅਬਰਾਹਮ ਲਿੰਕਨ 'ਤੇ ਕਰ 'ਤਾ ਮਿਜ਼ਾਈਲ ਹਮਲਾ, ਈਰਾਨੀ ਨੇਵੀ ਦਾ ਵੱਡਾ ਦਾਅਵਾ

**ਤਹਿਰਾਨ, 25 ਮਾਰਚ (ਆਵਾਜ਼ਿ ਕੌਮ ਬਿਊਰੋ)**-ਈਰਾਨੀ ਜਲ ਸੈਨਾ ਨੇ ਦਾਅਵਾ ਕੀਤਾ ਹੈ ਕਿ ਉਸਦੀਆਂ ਕਾਦਿਰ ਤੱਟਵਰਤੀ ਕਰੂਜ਼ ਮਿਜ਼ਾਈਲਾਂ ਨੇ ਯੂਐਸਐਸ ਅਬਰਾਹਮ ਲਿੰਕਨ ਕੈਰੀਅਰ ਸਮੂਹ ਨੂੰ ਨਿਸ਼ਾਨਾ ਬਣਾਇਆ। ਈਰਾਨੀ ਜਲ ਸੈਨਾ ਦੇ ਅਨੁਸਾਰ ਹਮਲੇ ਨੇ ਅਮਰੀਕੀ ਬੇੜੇ ਨੂੰ ਆਪਣੀ ਸਥਿਤੀ ਬਦਲਣ ਲਈ ਮਜਬੂਰ ਕੀਤਾ। ਇਸ ਦਾਅਵੇ ਨੇ ਖੇਤਰ ਵਿੱਚ ਪਹਿਲਾਂ ਤੋਂ ਮੌਜੂਦ ਤਣਾਅ ਨੂੰ ਹੋਰ ਵਧਾ ਦਿੱਤਾ ਹੈ। ਈਰਾਨ ਨੇ ਅਮਰੀਕਾ ਦਾ ਮਾਣ ਮੰਨੇ ਜਾਣ ਵਾਲੇ ਏਅਰਕ੍ਰਾਫਟ ਕੈਰੀਅਰ ਯੂਐਸਐਸ ਅਬਰਾਹਮ ਲਿੰਕਨ 'ਤੇ 101 ਮਿਜ਼ਾਈਲਾਂ ਦਾਗੀਆਂ। ਇਹ ਗੱਲ ਖੁਦ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਹੀ ਹੈ। ਟਰੰਪ ਨੇ ਪਹਿਲੀ ਵਾਰ ਸਵੀਕਾਰ ਕੀਤਾ ਹੈ ਕਿ ਈਰਾਨ ਨੇ ਯੂਐਸਐਸ ਅਬਰਾਹਮ ਲਿੰਕਨ ਨੂੰ ਨਿਸ਼ਾਨਾ ਬਣਾਇਆ। ਈਰਾਨ ਨੇ ਇਹ ਵਾਰ-ਵਾਰ ਕਿਹਾ ਹੈ, ਪਰ ਅਮਰੀਕਾ ਵੱਲੋਂ ਕੋਈ ਜਵਾਬ ਨਹੀਂ ਆਇਆ। ਟਰੰਪ ਨੇ ਕਿਹਾ ਕਿ ਈਰਾਨ ਨੇ ਅਬਰਾਹਮ ਲਿੰਕਨ 'ਤੇ ਦੋ ਜਾਂ ਚਾਰ ਨਹੀਂ, 101 ਮਿਜ਼ਾਈਲਾਂ ਦਾਗੀਆਂ ਗਈਆਂ ਹਨ। ਅਮਰੀਕੀ ਰਾਸ਼ਟਰਪਤੀ ਅਨੁਸਾਰ, ਸਾਰੀਆਂ ਈਰਾਨੀ ਮਿਜ਼ਾਈਲਾਂ ਨੂੰ ਸਮੁੰਦਰ ਵਿੱਚ ਇੱਕ-ਇੱਕ ਕਰਕੇ ਡੇਗ ਦਿੱਤਾ ਗਿਆ। ਈਰਾਨ ਦਾ ਅਮਰੀਕੀ ਜਹਾਜ਼ 'ਤੇ ਹਮਲਾ ਇੱਕ ਮਹੱਤਵਪੂਰਨ ਘਟਨਾ ਹੈ। ਕਾਰਨ ਇਹ ਹੈ ਕਿ ਅਮਰੀਕਾ ਦਾ ਦੂਜਾ ਸਭ ਤੋਂ ਵੱਡਾ ਏਅਰਕ੍ਰਾਫਟ ਕੈਰੀਅਰ ਇਕੱਲਾ ਕੰਮ ਨਹੀਂ ਕਰਦਾ; ਇਸਦੇ ਨਾਲ ਹੋਰ ਜੰਗੀ ਜਹਾਜ਼ ਹਨ। ਇਸਨੂੰ ਕੈਰੀਅਰ ਬੈਟਲ ਗਰੁੱਪ ਕਿਹਾ ਜਾਂਦਾ ਹੈ। ਇਸ ਤੋਂ ਇਲਾਵਾ, ਇਸ ਵਿੱਚ ਸਿਰਫ਼ ਜੰਗੀ ਜਹਾਜ਼ ਹੀ ਨਹੀਂ ਸਗੋਂ ਪਣਡੁੱਬੀਆਂ ਵੀ ਸ਼ਾਮਲ ਹਨ। ਇਕੱਲੇ ਅਬਰਾਹਮ ਲਿੰਕਨ 'ਤੇ 80 ਤੋਂ ਵੱਧ ਲੜਾਕੂ ਜਹਾਜ਼ ਅਤੇ ਹਮਲਾਵਰ ਹੈਲੀਕਾਪਟਰ ਦਿਨ-ਰਾਤ ਤਾਇਨਾਤ ਹਨ। ਇਸ ਜਹਾਜ਼ ਵਿੱਚ ਐਫ-18 ਸੁਪਰ ਹੌਰਨੇਟ ਲੜਾਕੂ ਜਹਾਜ਼, EA-18G ਗ੍ਰੋਲਰ, ਪੰਜਵੀਂ ਪੀੜ੍ਹੀ ਦੇ ਐਫ-35 ਲੜਾਕੂ ਜਹਾਜ਼ ਅਤੇ MH-60R ਹੈਲੀਕਾਪਟਰ ਵੀ ਹਨ। ਇਸ ਤੋਂ ਇਲਾਵਾ ਅਬਰਾਹਮ ਲਿੰਕਨ ਦੇ ਨਾਲ ਆਉਣ ਵਾਲੇ ਸਾਰੇ ਜੰਗੀ ਜਹਾਜ਼ ਰਾਡਾਰਾਂ ਨਾਲ ਲੈਸ ਹਨ ਜੋ ਕਿਸੇ ਵੀ ਹਮਲੇ ਨੂੰ ਪਲ ਵਿੱਚ ਨਾਕਾਮ ਕਰਨ ਦੇ ਸਮਰੱਥ ਹਨ। ਉਹ ਮਿਜ਼ਾਈਲਾਂ ਅਤੇ ਰਾਕੇਟਾਂ ਨਾਲ ਲੈਸ ਹਨ ਜੋ ਦੁਸ਼ਮਣ ਦੇ ਹਮਲਿਆਂ ਨੂੰ ਉਨ੍ਹਾਂ ਤੱਕ ਪਹੁੰਚਣ ਤੋਂ ਪਹਿਲਾਂ ਹੀ ਨਸ਼ਟ ਕਰ ਦਿੰਦੇ ਹਨ। ਇੱਥੇ ਦੱਸ ਦਈਏ ਕਿ ਈਰਾਨੀ ਜਲ ਸੈਨਾ ਦੇ ਕਮਾਂਡਰ ਰੀਅਰ ਐਡਮਿਰਲ ਸ਼ਹਿਰਾਮ ਈਰਾਨੀ ਨੇ ਅਮਰੀਕਾ ਨੂੰ ਸਿੱਧੀ ਚਿਤਾਵਨੀ ਦਿੰਦਿਆਂ ਕਿਹਾ ਸੀ ਕਿ ਅਮਰੀਕੀ ਜੰਗੀ ਬੇੜਾ USS ਅਬ੍ਰਾਹਮ ਲਿੰਕਨ' ਉਨ੍ਹਾਂ ਦੀ ਨਿਗਰਾਨੀ ਹੇਠ ਹੈ ਅਤੇ ਜੇਕਰ ਇਹ ਇਰਾਨ ਦੀ ਮਿਜ਼ਾਈਲ ਰੇਂਜ ਵਿੱਚ ਦਾਖ਼ਲ ਹੁੰਦਾ ਹੈ, ਤਾਂ ਇਸ 'ਤੇ ਤੁਰੰਤ ਹਮਲਾ ਕਰ ਦਿੱਤਾ ਜਾਵੇਗਾ।



## 'ਆਪ' ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਗ੍ਰਿਫਤਾਰ, 4 ਦਿਨ ਦੇ ਰਿਮਾਂਡ 'ਤੇ ਭੇਜਿਆ

**ਪਟਿਆਲਾ, 25 ਮਾਰਚ (ਆਵਾਜ਼ਿ ਕੌਮ ਬਿਊਰੋ)**-ਪਟਿਆਲਾ ਅਦਾਲਤ ਨੇ ਆਮ ਆਦਮੀ ਪਾਰਟੀ ਦੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਨੂੰ 4 ਦਿਨ ਦੇ ਰਿਮਾਂਡ 'ਤੇ ਭੇਜ ਦਿੱਤਾ ਹੈ। ਗ੍ਰਿਫ਼ਤਾਰੀ ਤੋਂ ਬਾਅਦ ਪਟਿਆਲਾ ਪੁਲਿਸ ਨੇ ਅੱਜ ਪਠਾਨਮਾਜਰਾ ਨੂੰ ਅਦਾਲਤ 'ਚ ਪੇਸ਼ੀ ਲਈ ਲਿਆਂਦਾ ਸੀ, ਜਿਥੇ 10 ਦਿਨ ਦੇ ਰਿਮਾਂਡ ਦੀ ਮੰਗ ਕੀਤੀ ਗਈ ਸੀ, ਪਰੰਤੂ ਅਦਾਲਤ ਨੇ 4 ਦਿਨ ਦੇ ਰਿਮਾਂਡ 'ਤੇ ਭੇਜਿਆ ਹੈ। ਪੰਜਾਬ ਨਿਊਜ਼ ਦੱਸ ਦਈਏ ਕਿ ਇਸਤੋਂ ਪਹਿਲਾਂ ਪਟਿਆਲਾ ਪੁਲਿਸ ਨੇ ਪਠਾਣਮਾਜਰਾ ਨੂੰ ਮੱਧ ਪ੍ਰਦੇਸ਼ ਦੇ ਗਵਾਲੀਅਰ ਤੋਂ ਗ੍ਰਿਫਤਾਰ ਕੀਤਾ ਗਿਆ ਸੀ। ਪਠਾਣਮਾਜਰਾ ਖਿਲਾਫ ਜ਼ਬਰਜਨਾਹ, ਧੋਖਾਧੜੀ ਤੇ ਅਪਰਾਧਿਕ ਧਮਕੀਆਂ ਦੇ ਇਲਜ਼ਾਮਾਂ ਹੇਠ ਐਫਆਈਆਰ ਦਰਜ ਹੈ। ਦੱਸ ਦਈਏ ਕਿ ਅਦਾਲਤ ਵੱਲੋਂ ਪਹਿਲਾਂ ਹੀ ਪਠਾਣਮਾਜਰਾ ਨੂੰ ਭਗੌੜਾ ਕਰਾਰ ਦਿੱਤਾ ਹੋਇਆ ਸੀ। ਐਸਐਸਪੀ ਪਟਿਆਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਸੀ ਕਿ ਪਠਾਣਮਾਜਰਾ ਸਣੇ 3 ਸਾਥੀਆਂ ਨੂੰ ਕਾਬੂ ਕੀਤਾ ਗਿਆ ਸੀ। ਪੁਲਿਸ ਦੀ ਟੀਮ ਪਠਾਣਮਾਜਰਾ ਨੂੰ ਗਵਾਲੀਅਰ ਤੋਂ ਪਟਿਆਲਾ ਲੈ ਕੇ ਆਈ ਸੀ, ਜਿਸ ਤੋਂ ਬਾਅਦ ਅੱਜ ਅਦਾਲਤ 'ਚ ਪੇਸ਼ ਕੀਤਾ ਗਿਆ ਸੀ।



ਹਰਮੀਤ ਸਿੰਘ ਪਠਾਣਮਾਜਰਾ ਆਮ ਆਦਮੀ ਪਾਰਟੀ ਦੇ ਇੱਕ ਨੌਜਵਾਨ ਵਿਧਾਇਕ ਹਨ। 46 ਸਾਲਾ ਹਰਮੀਤ ਸਿੰਘ ਪਟਿਆਲਾ ਦੇ ਸਨੌਰ ਵਿਧਾਨ ਸਭਾ ਹਲਕੇ ਦੀ ਨੁਮਾਇੰਦਗੀ ਕਰਦੇ ਹਨ। 2022 ਦੀਆਂ ਸਨੌਰ ਵਿਧਾਨ ਸਭਾ ਚੋਣਾਂ ਵਿੱਚ, ਉਨ੍ਹਾਂ ਨੇ ਭਾਰੀ ਜਿੱਤ ਪ੍ਰਾਪਤ ਕਰਕੇ ਹਰ ਕਿਸੇ ਨੂੰ ਹੈਰਾਨ ਕਰ ਦਿੱਤਾ ਸੀ। ਹਰਮੀਤ ਸਿੰਘ ਪਠਾਣਮਾਜਰਾ ਹਾਲ ਹੀ ਵਿੱਚ ਆਪਣੀ ਹੀ ਪਾਰਟੀ ਵਿਰੁੱਧ ਆਵਾਜ਼ ਬੁਲੰਦ ਕਰਨ ਕਰਕੇ ਸੁਰਖੀਆਂ ਵਿੱਚ ਆਏ ਸਨ।

ਪੰਜਾਬ ਪੁਲਿਸ ਦੇ ਰਿਕਾਰਡ ਅਨੁਸਾਰ, ਪਟਿਆਲਾ ਦੇ ਸਿਵਲ ਲਾਈਨਜ਼ ਪੁਲਿਸ ਸਟੇਸ਼ਨ ਵਿੱਚ ਇੱਕ ਐਫਆਈਆਰ ਦਰਜ ਕੀਤੀ ਗਈ ਸੀ। ਇਸ ਵਿੱਚ ਇਲਜ਼ਾਮ ਹੈ ਕਿ ਪਠਾਣਮਾਜਰਾ ਨੇ ਸ਼ਿਕਾਇਤਕਰਤਾ ਨੂੰ ਸਰਕਾਰੀ ਨੌਕਰੀ ਅਤੇ ਸਰਕਾਰੀ ਯੋਜਨਾਵਾਂ ਦਾ ਲਾਲਚ ਦੇ ਕੇ ਸਾਲਾਂ ਦੌਰਾਨ ਲੱਖਾਂ ਰੁਪਏ ਦੀ ਠੱਗੀ ਮਾਰੀ। ਇਸ ਤੋਂ ਇਲਾਵਾ, ਜਦੋਂ ਉਸਨੇ ਉਸਦੇ ਪੈਸੇ ਵਾਪਸ ਮੰਗੇ ਤਾਂ ਉਸਨੇ ਧਮਕੀਆਂ ਦਿੱਤੀਆਂ। ਪੰਜਾਬ ਨਿਊਜ਼

ਐਫਆਈਆਰ ਦੇ ਅਨੁਸਾਰ, ਵਿਧਾਇਕ 'ਤੇ ਇੱਕ ਔਰਤ ਨੂੰ ਤਲਾਕਸ਼ੁਦਾ ਦੱਸ ਕੇ ਅਤੇ ਵਿਆਹ ਦੀ ਮੰਗ ਕਰਕੇ ਧੋਖਾ ਦੇਣ ਦਾ ਦੋਸ਼ ਹੈ। ਸੋਸ਼ਲ ਮੀਡੀਆ 'ਤੇ ਇੱਕ ਜਾਣ-ਪਛਾਣ ਨਾਲ ਸ਼ੁਰੂ ਹੋਇਆ ਇਹ ਰਿਸ਼ਤਾ ਹੌਲੀ-ਹੌਲੀ ਵਿਆਹ ਅਤੇ ਫਿਰ ਸਰੀਰਕ ਸ਼ੋਸ਼ਣ ਤੱਕ ਵਧਿਆ। ਪੀੜਤ ਨੇ 14 ਅਗਸਤ, 2022 ਨੂੰ ਸ਼ਿਕਾਇਤ ਦਰਜ ਕਰਵਾਈ ਸੀ। ਹਾਲਾਂਕਿ, ਉਦੋਂ ਤੋਂ ਪੁਲਿਸ ਨੇ ਇਸ ਮਾਮਲੇ ਵਿੱਚ ਐਫਆਈਆਰ ਵੀ ਦਰਜ ਨਹੀਂ ਕੀਤੀ ਸੀ, ਜਿਸਤੋਂ ਬਾਅਦ ਹੁਣ ਤਿੰਨ ਸਾਲ ਬਾਅਦ ਪੁਲਿਸ ਨੇ ਪਠਾਨਮਾਜਰਾ ਵਿਰੁੱਧ ਧਾਰਾ 420 (ਧੋਖਾਧੜੀ), 506 (ਧਮਕਾਉਣਾ) ਅਤੇ 376 (ਬਲਾਤਕਾਰ) ਦੇ ਤਹਿਤ ਮਾਮਲਾ ਦਰਜ ਕੀਤਾ।

## ਹੁਣ ਗੁਰਮੰਤਰ ਤੇ ਅਰਦਾਸ ਨਾਲ ਸ਼ੁਰੂ ਹੋਵੇਗੀ ਸ਼੍ਰੋਮਣੀ ਕਮੇਟੀ ਮੁਲਾਜ਼ਮਾਂ ਦੀ ਡਿਊਟੀ ! ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਜਾਰੀ ਕੀਤੇ ਨਵੇਂ ਨਿਰਦੇਸ਼

**ਅੰਮ੍ਰਿਤਸਰ, 25 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੇ ਆਦੇਸ਼ਾਂ 'ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਮੈਨੇਜਰ ਭਗਵੰਤ ਸਿੰਘ ਧੰਗੇੜਾ ਅਤੇ ਸਮੂਹ ਮੈਨੇਜਰ ਸਾਹਿਬਾਨ ਅਤੇ ਸਟਾਫ ਵੱਲੋਂ ਆਪਣੀ ਰੋਜ਼ਾਨਾ ਦੀ ਡਿਊਟੀ ਸ਼ੁਰੂ ਕਰਨ ਤੋਂ ਪਹਿਲਾਂ ਸਮੂਹਿਕ ਰੂਪ ਵਿੱਚ ਮੂਲ ਮੰਤਰ ਅਤੇ ਗੁਰਮੰਤਰ ਦਾ ਜਾਪ ਕੀਤਾ ਗਿਆ। ਜਾਪ ਉਪਰੰਤ ਅਕਾਲ ਪੁਰਖ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਗਈ ਕਿ ਉਹ ਸਭ ਨੂੰ ਇਮਾਨਦਾਰੀ ਅਤੇ ਤਨਦੇਹੀ ਨਾਲ ਸੇਵਾ ਨਿਭਾਉਣ ਦਾ ਬਲ ਬਖਸ਼ਣ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸਾਹਿਬ ਵੱਲੋਂ ਜਾਰੀ ਕੀਤੇ ਗਏ ਆਦੇਸ਼ਾਂ ਦੀ ਸਮੂਹ ਮੁਲਾਜ਼ਮਾਂ ਵੱਲੋਂ ਪੂਰੀ ਸ਼ਰਧਾ ਨਾਲ ਪਾਲਣਾ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਦੇ ਸਮੂਹ ਸੇਵਾਦਾਰ ਅਤੇ ਮੁਲਾਜ਼ਮ ਉਸੇ ਦਿਨ ਤੋਂ ਇਸ ਮਰਯਾਦਾ ਨੂੰ ਅਪਣਾ ਚੁੱਕੇ ਹਨ ਅਤੇ ਹੁਣ ਹਰ ਰੋਜ਼ ਕੰਮ ਸ਼ੁਰੂ ਕਰਨ ਤੋਂ ਪਹਿਲਾਂ ਪ੍ਰਮਾਤਮਾ ਦਾ ਓਟ-ਆਸਰਾ ਲਿਆ ਜਾਂਦਾ ਹੈ। ਮੈਨੇਜਰ ਧੰਗੇੜਾ ਨੇ ਸਿੱਖ ਸਿਧਾਂਤਾਂ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਮੂਲ ਉਪਦੇਸ਼ 'ਨਾਮ ਜਪੋ, ਕਿਰਤ ਕਰੋ, ਵੰਡ ਛਕੋ' ਸਾਡੇ ਜੀਵਨ ਦਾ ਆਧਾਰ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਿੱਥੇ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮ ਇਸ ਪਿਰਤ ਨੂੰ ਪਾ ਰਹੇ ਹਨ, ਉੱਥੇ ਹੀ ਹਰ ਇੱਕ ਸਿੱਖ ਦਾ ਇਹ ਫਰਜ਼ ਬਣਦਾ ਹੈ ਕਿ ਉਹ ਆਪਣੀ ਕਿਰਤ-ਕਮਾਈ ਸ਼ੁਰੂ ਕਰਨ ਤੋਂ ਪਹਿਲਾਂ ਗੁਰਬਾਣੀ ਦਾ ਜਾਪ ਕਰੇ। ਇਸ ਦੇ ਨਾਲ ਹੀ ਉਨ੍ਹਾਂ ਨੇ 'ਦਸਵੰਧ' ਦੀ ਮਹੱਤਤਾ ਬਾਰੇ ਵੀ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਸਾਨੂੰ ਮਹੀਨੇ ਦੇ ਅਖੀਰ ਵਿੱਚ ਤਨਖਾਹ ਦੇ ਰੂਪ ਵਿੱਚ ਜੋ ਵੀ ਮਾਇਆ ਪ੍ਰਾਪਤ ਹੁੰਦੀ ਹੈ, ਉਸ ਵਿੱਚੋਂ ਗੁਰੂ ਦੀ ਗੋਲਕ ਲਈ ਦਸਵੰਧ ਜ਼ਰੂਰ ਕੱਢਣਾ ਚਾਹੀਦਾ ਹੈ ਤਾਂ ਜੋ ਉਹ ਨੇਕ ਕਾਰਜਾਂ ਲਈ ਵਰਤਿਆ ਜਾ ਸਕੇ। ਅੰਤ ਵਿੱਚ ਉਨ੍ਹਾਂ ਨੇ ਪ੍ਰਧਾਨ ਸਾਹਿਬ ਦੇ ਆਦੇਸ਼ਾਂ ਨੂੰ ਖਿੜੇ ਮੱਥੇ ਪ੍ਰਵਾਨ ਕਰਨ ਲਈ ਸਮੂਹ ਮੁਲਾਜ਼ਮਾਂ ਦਾ ਧੰਨਵਾਦ ਕੀਤਾ ਇਸ ਮੌਕੇ ਤੇ ਮੈਨੇਜਰ ਨਰਿੰਦਰ ਸਿੰਘ ਮਥਰੇਵਾਲ ਮੈਨੇਜਰ ਸਤਨਾਮ ਸਿੰਘ ਝਬਾਲ ਮੈਨੇਜਰ ਗੁਰਪ੍ਰੀਤ ਸਿੰਘ ਸਮੇਤ ਅਨੇਕਾਂ ਅਧਿਕਾਰੀ ਅਤੇ ਮੁਲਾਜ਼ਮ ਹਾਜ਼ਰ ਸਨ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਨਗਰ ਕੀਰਤਨ ਐਤਵਾਰ 29 ਮਾਰਚ ਨੂੰ

**ਨਗਰ ਕੀਰਤਨ ਦਾ ਸਮਾਂ : 12 ਵਜੇ ਅਰੰਭਤਾ ਅਤੇ 5 ਵਜੇ ਸਮਾਪਤੀ ਹੋਵੇਗੀ । ਹੋਲੇ ਮਹੱਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।**

**ਸ਼ਨਿੱਚਰਵਾਰ 28 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ ।**

ਐਤਵਾਰ 29 ਮਾਰਚ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ।

ਢਾਡੀ ਜਥਾ, ਰਾਗੀ ਜਥਾ , ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ ।

ਤਰਾਂ-ਤਰਾਂ ਸਟਾਲ ਵੀ ਲੱਗਣਗੇ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**

ੴ ਸਤਿਗੁਰ ਪ੍ਰਸਾਦਿ

ਗੁਰਮੁਖਿ ਜਨਮ ਸਵਾਰ ਦਰਗਹਿ ਚਲਿਆ। ਸਚੀ ਦਰਗਹ ਜਾਇ ਸਚਾ ਪਿੜ ਮਲਿਆ॥

# ਪਹਿਲੀ ਬਰਸੀ ਦਾ ਸਮਾਗਮ

# First Barsi (First Anniversary Memorial Service)



## ਸਵ. ਬੀਬੀ ਹਰਪ੍ਰੀਤ ਕੌਰ ਬੱਲ

## Sardani Harpreet Kaur Bal

ਪੰਥਕ ਹਲਕਿਆਂ ਵਿੱਚ ਜਾਣੀ-ਪਹਿਚਾਣੀ ਸ਼ਖਸ਼ੀਅਤ ਅਤੇ Sikh Federation (UK) ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬਲ ਜੀ ਦੀ ਸਿੰਘਣੀ ਬੀਬੀ ਹਰਪ੍ਰੀਤ ਕੌਰ ਬੱਲ ਜੀ, ਜੋ ਪਿਛਲੇ ਸਾਲ ਸਦੀਵੀ ਵਿਛੋੜਾ ਦੇ ਗਏ ਸਨ, ਉਹਨਾਂ ਦੀ ਪਵਿੱਤਰ ਯਾਦ ਵਿੱਚ ਪਹਿਲੀ ਬਰਸੀ ਦਾ ਸਮਾਗਮ ਮਨਾਇਆ ਜਾ ਰਿਹਾ ਹੈ।

**ਤਾਰੀਖ: 5 ਅਪ੍ਰੈਲ 2026 (ਦਿਨ ਐਤਵਾਰ)**

**ਸਮਾਂ: ਦੁਪਹਿਰ 12:00 ਵਜੇ ਤੋਂ 2:00 ਵਜੇ ਤੱਕ**

ਸਥਾਨ: Gurdwara Sri Guru Singh Sabha, Park Avenue, Southall.

(ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਪਾਰਕ ਐਵਨਿਊ, ਸਾਊਥਾਲ)

•ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ •ਗੁਰਬਾਣੀ ਕੀਰਤਨ •ਅਰਦਾਸ

**• ਸਮਾਗਮ ਉਪਰੰਤ ਗੁਰੂ ਕੇ ਲੰਗਰ ਅਤੁੱਟ ਵਰਤਣਗੇ**

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਪਰਿਵਾਰ ਸਮੇਤ ਹਾਜ਼ਰੀ ਭਰ ਕੇ ਬੀਬੀ ਹਰਪ੍ਰੀਤ ਕੌਰ ਜੀ ਦੀ ਪਵਿੱਤਰ ਯਾਦ ਵਿੱਚ ਹੋ ਰਹੇ ਅਰਦਾਸ ਸਮਾਗਮ ਵਿੱਚ ਸ਼ਾਮਲ ਹੋ ਕੇ ਅਸੀਸਾਂ ਦੇ ਭਾਗੀ ਬਣੋ ਜੀ।

**ਬੇਨਤੀ ਕਰਤਾ:**

**ਹਰਮੀਤ ਸਿੰਘ ਬੱਲ, ਜਗਜੀਤ ਕੌਰ ਬੱਲ, ਭਵਨਪ੍ਰੀਤ ਕੌਰ ਸੰਧੂ**

By the Grace of the True Guru
First Barsi (First Anniversary Memorial Service)
In loving memory of our beloved mother
Sardani Harpreet Kaur Bal
We humbly invite you to join us for a memorial service in her cherished memory.

**Sunday, 5th April 2026, 12:00 noon – 2:00 pm**

Programme:
* Sri Sukhmani Sahib Path, * Gurbani Kirtan * Ardas
* Followed by Guru Ka Langar

Venue : Gurdwara Sri Guru Singh Sabha, Park Avenue, Southall, Middlesex

Your presence with family and friends will be deeply appreciated as we gather to remember and honour her life.

**With humble request from:**

Harmeet Singh Bal, Jagjeet Kaur Bal, Bhavanpreet Kaur Sandhu

**Contact: +44 7771 608363**


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

## ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ ਚੂੰਘ

# ਸਲਾਨਾ ਨਤੀਜਾ 100% : ਡਾਇਰੈਕਟਰ ਤੇਜਬੀਰ ਸਿੰਘ ਸੋਹਲ







**ਚੌਕ ਮਹਿਤਾ, 25 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਨਾਮਵਰ ਸੀ ਬੀ ਐਸ ਈ ਦੀ ਸੰਸਥਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ, ਚੂੰਘ ਵਿੱਚ ਸੈਸ਼ਨ 2025-26 ਦਾ ਸਾਲਾਨਾ ਨਤੀਜਾ ਐਲਾਨਿਆ ਗਿਆ ਹੈ। ਸੰਸਥਾ ਦੇ ਚੇਅਰਮੈਨ ਰਘਬੀਰ ਸਿੰਘ ਸੋਹਲ ਨੇ ਮਾਪਿਆਂ ਨੂੰ ਜੀ ਆਇਆਂ ਆਖਿਆ ਅਤੇ ਓਹਨਾ ਦੇ ਸਕੂਲ ਆਉਣ ਤੇ ਧੰਨਵਾਦ ਕੀਤਾ। ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਜਸਪ੍ਰੀਤ ਕੌਰ ਸੋਹਲ ਅਤੇ ਪ੍ਰਿੰਸੀਪਲ ਮਨਪ੍ਰੀਤ ਕੌਰ ਛੀਨਾ ਨੇ ਨਰਸਰੀ ਤੋਂ ਗਿਆਰਵੀ ਜਮਾਤ ਤੱਕ ਦੇ ਪਹਿਲੇ ਤਿੰਨ ਦਰਜਿਆਂ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਵਜੋਂ ਟਰਾਫੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਇਸ ਸ਼ੈਸ਼ਨ ਵਿੱਚ ਅਲੱਗ ਅਲੱਗ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਡਾਇਰੈਕਟਰ ਤੇਜਬੀਰ ਸਿੰਘ ਸੋਹਲ ਨੇ ਸਕੂਲ ਦੇ 100% ਨਤੀਜੇ ਆਉਣ ਤੇ ਪੂਰੇ ਸਟਾਫ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਸਕੂਲ ਸਟਾਫ ਨੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਇਸ ਸੈਸ਼ਨ ਦੀਆਂ ਪ੍ਰਾਪਤੀਆਂ ਬਾਰੇ ਜਾਣੂ ਕਰਵਾਇਆ। ਇਸ ਮੌਕੇ ਵਿਦਿਆਰਥੀ, ਮਾਤਾ ਪਿਤਾ ਅਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

## ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਨੇ

# ਧਰਮ ਯੁੱਧ ਵਿਚ ਲਵਾਈ ਹਾਜ਼ਰੀ

**ਫ਼ਿਰੋਜ਼ਪੁਰ, 25 ਮਾਰਚ (ਮਨੋਹਰ ਲਾਲ) :—** ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਰਜਿਸਟਰਡ ਫਿਰੋਜ਼ਪੁਰ ਵੱਲੋਂ ਚੱਲ ਰਹੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਸਖਤ ਕਾਨੂੰਨ ਬਣਾਉਣ ਬਾਰੇ ਭਾਈ ਗੁਰਜੀਤ ਸਿੰਘ ਖਾਲਸਾ ਵੱਲੋਂ ਪਿਛਲੇ 550 ਦਿਨ ਤੋਂ 400 ਫੁੱਟ ਟਾਵਰ ਉੱਪਰ ਬੈਠ ਕੇ ਸਮਾਣਾ ਵਿਖੇ ਚੱਲ ਰਹੇ ਧਰਮ ਯੁੱਧ ਵਿੱਚ ਸਭਾ ਵੱਲੋਂ ਹਾਜ਼ਰੀ ਭਰੀ ਗਈ। ਸਭਾ ਦੇ ਚੇਅਰਮੈਨ ਭਾਈ ਅਵਤਾਰ ਸਿੰਘ ਫੌਜੀ ਨੂੰ ਸਟੇਜ ਤੇ ਬੋਲਣ ਵਾਸਤੇ ਪੰਜ ਮਿੰਟ ਦਾ ਸਮਾਂ ਮੋਰਚੇ ਦੇ ਪ੍ਰਬੰਧਕਾਂ ਵੱਲੋਂ ਦਿੱਤਾ ਗਿਆ। ਭਾਈ ਅਵਤਾਰ ਸਿੰਘ ਫੌਜੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਿਹੜਾ ਵੀ ਆਦਮੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਦਾ ਹੈ ਉਸ ਨੂੰ ਮੈਂਟਲੀ ਡਿਸਟਰਬ ਕਹਿ ਕੇ ਉਸ ਨੂੰ ਮਾਫ ਕਰ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਉਹ ਦਿਮਾਗ ਤੋਂ ਪਰੇਸ਼ਾਨ ਆਦਮੀ ਆਪਣੇ ਘਰੇ ਜਾਂ ਹੋਰ ਕਿਸੇ ਵਿਅਕਤੀ ਨਾਲ ਇਸ ਤਰ੍ਹਾਂ ਦਾ ਵਿਵਹਾਰ ਕਿਉਂ ਨਹੀਂ ਕਰਦਾ, ਕਿਉਂਕਿ ਉਹ ਸੋਚੀ ਸਮਝੀ ਸਾਜ਼ਿਸ਼ ਨਾਲ ਹੀ ਗੁਰੂ ਸਾਹਿਬ ਦੀ ਬੇਅਦਬੀ ਕਰਦਾ ਹੈ। ਇਸ ਲਈ ਭਾਈ ਸਾਹਿਬ ਵੱਲੋਂ ਮੌਕੇ ਦੀ ਸਰਕਾਰ ਨੂੰ ਗੁਹਾਰ ਲਗਾਈ ਗਈ ਕਿ ਜੋ ਭਾਈ ਸਾਹਿਬ ਭਾਈ ਗੁਰਜੀਤ ਸਿੰਘ ਖਾਲਸਾ ਪਿਛਲੇ 550 ਦਿਨ ਤੋਂ 400 ਫੁੱਟ ਟਾਵਰ ਤੇ ਬੈਠ ਕੇ ਮੀਂਹ ਹਨੇਰੀ ਕੜਕਦੀ ਧੁੱਪ ਵਿੱਚ ਬੈਠ ਕੇ ਇਹ ਜੋ ਧਰਮ ਯੁੱਧ ਮੋਰਚਾ ਲਗਾਇਆ ਹੈ, ਉਨ੍ਹਾਂ ਦੀ ਮੰਗ ਨੂੰ ਪ੍ਰਵਾਨ ਕਰਕੇ ਸਖਤ ਤੋਂ ਸਖਤ ਕਾਨੂੰਨ ਬਣਾਇਆ ਜਾਵੇ ਤਾਂ ਜੋ ਬੇਅਦਬੀ ਕਰਨ ਕਰਨ ਵਾਲੇ ਬੰਦੇ ਨੂੰ ਸਖਤ ਸਜ਼ਾ ਮਿਲ ਸਕੇ। ਭਾਈ ਸਾਹਿਬ ਨੇ ਕੌਮ ਦੇ ਰਾਗੀ ਢਾਡੀ ਕਵੀਸ਼ਰੀ ਕਥਾ ਵਾਚਕ ਅਤੇ ਗੁਰੂ ਕੀਆਂ ਸੰਗਤਾਂ ਨੂੰ ਸਟੇਜ ਤੋਂ ਬੇਨਤੀ ਕੀਤੀ ਕਿ ਚੱਲ ਰਹੇ ਧਰਮ ਯੁੱਧ ਮੋਰਚੇ ਵਿੱਚ ਵੱਧ ਤੋਂ ਵੱਧ ਹਾਜ਼ਰੀ ਲਗਵਾ ਕੇ ਆਪਣਾ ਫਰਜ਼ ਪੂਰਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਭਾਈ ਗੁਰਜੀਤ ਸਿੰਘ ਖਾਲਸਾ ਵੱਲੋਂ ਚਲਾਏ ਹੋਏ ਧਰਮ ਯੁੱਧ ਮੋਰਚਾ ਦੇ ਪ੍ਰਬੰਧਕਾਂ ਨੇ ਫਿਰੋਜ਼ਪੁਰ ਤੋਂ ਚੱਲ ਕੇ ਆਏ ਹੋਏ ਬਾਬਾ ਬੁੱਢਾ ਜੀ ਗ੍ਰੰਥੀ ਪਾਠ ਸਭਾ ਦੇ ਸਾਰੇ ਮੈਂਬਰਾਂ ਦਾ ਅਤੇ ਹੋਰ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਧਰਮ ਯੁੱਧ ਮੋਰਚੇ ਵਿੱਚ ਸਭਾ ਦੇ ਪ੍ਰਧਾਨ ਭਾਈ ਕੁਲਵੰਤ ਸਿੰਘ ਚੇਅਰਮੈਨ, ਭਾਈ ਅਵਤਾਰ ਸਿੰਘ ਫੌਜੀ, ਵਾਈਸ ਚੇਅਰਮੈਨ ਭਾਈ ਹਰਮੀਤ ਸਿੰਘ ਖਜਾਨਚੀ ਬਸੰਤ ਸਿੰਘ ਮੀਤ ਖਜਾਨਚੀ ਮਨਜੀਤ ਸਿੰਘ ਸਟੇਜ ਸਕੱਤਰ ਭਾਈ ਸਤਨਾਮ ਸਿੰਘ, ਭਾਈ ਸਮਰੱਥ ਸਿੰਘ, ਭਾਈ ਗੁਰਦੇਵ ਸਿੰਘ, ਭਾਈ ਅਵਤਾਰ ਸਿੰਘ, ਭਾਈ ਕੁਲਵਿੰਦਰ ਸਿੰਘ, ਭਾਈ ਮੇਜਰ ਸਿੰਘ, ਭਾਈ ਕੁਲਬੀਰ ਸਿੰਘ ਤੋਂ ਇਲਾਵਾ ਵੀ ਕਈ ਮੈਂਬਰ ਸਾਹਿਬਾਨਾਂ ਨੇ ਮੋਰਚੇ ਚ ਹਾਜ਼ਰੀ ਭਰੀ।



# ਚੇਅਰਮੈਨ ਘੁੱਲੀ ਨੇ ਚੀਮਾ ਨੂੰ ਟਰਾਸਪੋਰਟ ਵਿਭਾਗ ਮਿਲਣ 'ਤੇ ਦਿੱਤੀ ਮੁਬਾਰਕਵਾਦ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ, ਭਗਵੰਤ ਸਿੰਘ ਮਾਨ ਸਰਕਾਰ ਵਿੱਚ ਬਤੌਰ ਵਿੱਤ ਮੰਤਰੀ ਦੀਆਂ ਆਪਣੀਆਂ ਸੇਵਾਵਾਂ ਨਿਭਾ ਰਹੇ, ਦਲਿਤਾਂ ਦੇ ਨੇਤਾ ਐਡਵੋਕੇਟ ਹਰਪਾਲ ਸਿੰਘ ਚੀਮਾ ਨੂੰ ਟਰਾਂਸਪੋਰਟ ਵਿਭਾਗ ਮਿਲਣ ਤੇ ਖੁਸ਼ੀ ਦਾ ਪ੍ਰਗਟਾਵਾ ਅਤੇ ਮੁਬਾਰਕਬਾਦ ਦਿੰਦਿਆਂ ਮੁੱਖ ਮੰਤਰੀ ਦਫਤਰ ਦੇ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕਿਹਾ ਕਿ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਦੀ ਪਾਰਟੀ ਪ੍ਰਤੀ ਜਿੰਮੇਵਾਰੀ ਅਤੇ ਵਫਾਦਾਰੀ ਨੂੰ ਦੇਖਦਿਆਂ ਹੋਇਆਂ ਉਹਨਾਂ ਨੂੰ ਟਰਾਂਸਪੋਰਟ ਵਿਭਾਗ ਦੀ ਵੱਡੀ ਜਿੰਮੇਵਾਰੀ ਦਿੱਤੀ ਗਈ ਹੈ। ਜਿੱਥੇ ਉਹ ਐਡਵੋਕੇਟ ਚੀਮਾ ਨੂੰ ਮੁਬਾਰਕਬਾਦ ਦਿੰਦੇ ਹਨ ਉੱਥੇ ਹੀ ਪਾਰਟੀ ਹਾਈ ਕਮਾਂਡ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਨ, ਜਿੰਨਾਂ ਨੇ ਐਡਵੋਕੇਟ ਚੀਮਾ ਤੇ ਵਿਸ਼ਵਾਸ ਪ੍ਰਗਟ ਕਰਕੇ ਉਹਨਾਂ ਨੂੰ ਟਰਾਂਸਪੋਰਟ ਵਿਭਾਗ ਦੀਆਂ ਸੇਵਾਵਾਂ ਨਿਭਾਉਣ ਦਾ ਮੌਕਾ ਦਿੱਤਾ ਹੈ। ਇਸ ਮੌਕੇ ਰਣਜੋਧ ਸਿੰਘ ਕਾਂਝਲਾ ਚੇਅਰਮੈਨ ਬਲਾਕ ਸੰਮਤੀ ਧੂਰੀ, ਸ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ, ਭਿੰਦਾ ਵਿਰਕ, ਮਾਣਾ ਗਰੇਵਾਲ ਯੂਥ ਆਗੂ ਹਾਜ਼ਰ ਸਨ।

# ਡਾ: ਨੂਰੀਨ ਮਹਾਜਨ ਵਲੋਂ ਕੈਂਡਲ ਮਾਰਚ ਕੱਢਿਆ



**ਚੌਕ ਮਹਿਤਾ, 25 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਿਵਲ ਲਾਈਨ ਮੰਡਲ ਪ੍ਰਧਾਨ ਭਾਜਪਾ ਡਾ: ਨੂਰੀਨ ਮਹਾਜਨ ਦੀ ਅਗਵਾਈ ਹੇਠ ਲਾਰੈਂਸ ਰੋਡ ਚੌਕ ਵਿਖੇ ਪੰਜਾਬ ਵੇਅਰ ਹਾਊਸ ਦੇ ਡੀ ਐਮ ਗਗਨਦੀਪ ਸਿੰਘ ਮਾਮਲੇ ਚ ਇਨਸਾਫ਼ ਦਿਵਾਉਣ ਲਈ ਕੈਂਡਲ ਮਾਰਚ ਕੱਢਿਆ ਗਿਆ ਇਸ ਮੌਕੇ ਡਾ: ਨੂਰੀਨ ਮਹਾਜਨ ਨੇ ਕਿਹਾ ਕਿ ਗਗਨਦੀਪ ਸਿੰਘ ਦੀ ਮੌਤ ਲਈ ਆਮ ਆਦਮੀ ਪਾਰਟੀ ਦੇ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਜਿੰਮੇਵਾਰ ਹਨ ਇਹ ਸੱਭ ਕੁੱਝ ਲਾਲਜੀਤ ਸਿੰਘ ਭੁੱਲਰ ਦੀ ਧੱਕੇ ਸ਼ਾਹੀ ਕਾਰਨ ਹੋਇਆ ਹੈ ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਪੀੜ੍ਹਤ ਪਰਿਵਾਰ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ ਅਤੇ ਲਾਲਜੀਤ ਸਿੰਘ ਭੁੱਲਰ ਨੇ ਜੋ ਅਤਿਆਚਾਰ ਗਗਨਦੀਪ ਸਿੰਘ ਉੱਪਰ ਕੀਤਾ ਹੈ ਉਸਦੀ ਸਖਤ ਤੋ ਸਖ਼ਤ ਕਾਰਵਾਈ ਕੀਤੀ ਜਾਵੇਗੀ ਇਸ ਮੌਕੇ ਕ੍ਰਿਤੀ ਅਰੋੜਾ, ਡਾ.ਰਮੇਸ਼ ਰਾਮ ਮੂਰਤੀ, ਡਾਲੀ ਭਾਟੀਆ,ਮੋਨਿਕਾ,ਚਰਨਜੀਤ ਸਿੰਘ,ਮਨੀਸ਼ ਸ਼ਰਮਾ,ਪੱਲਵੀ ਖੰਨਾ ਅਤੇ ਹੋਰ ਹਾਜ਼ਰ ਸਨ

# ਤਖ਼ਤ ਸ੍ਰੀ ਦਮਦਮਾ ਸਾਹਿਬ ਨੂੰ ਵੀ ਰੇਲ ਰਾਹੀਂ ਜੋੜਨਾ ਸ਼ਲਾਘਾਯੋਗ ਫ਼ੈਸਲਾ: ਬੱਲ ਮਲਕੀਤ ਸਿੰਘ



**ਚੌਕ ਮਹਿਤਾ, 25 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਤਖ਼ਤ ਸ਼੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਨੂੰ ਤਕਰੀਬਨ 1118 ਕਰੋੜ ਦੀ ਲਾਗਤ ਨਾਲ 43 ਕਿਲੋਮੀਟਰ ਦੀ ਨਵੀਂ ਰੇਲ ਲਾਈਨ ਲਗਵਾ ਕੇ ਜੋੜਨ ਦਾ ਇਤਿਹਾਸਕ ਫੈਸਲਾ ਕੇਂਦਰ ਸਰਕਾਰ ਵਲੋਂ ਲਿਆ ਗਿਆ ਹੈ। ਜਿਸ ਨਾਲ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦਰਸ਼ਨਾਂ ਲਈ ਜਾਣ ਵਾਲੀਆਂ ਸਾਰੀਆਂ ਸੰਗਤਾਂ ਨੂੰ ਬਹੁਤ ਆਸਾਨੀ ਹੋਵੇਗੀ। ਇਸ ਫੈਸਲੇ ਨਾਲ ਸਮੂੰਹ 5 ਤਖ਼ਤਾਂ ਨੂੰ ਰੇਲਵੇ ਰਾਹੀਂ ਜੋੜਨ ਦਾ ਵਿਸ਼ੇਸ਼ ਉਪਰਾਲਾ ਰੇਲਵੇ ਮੰਤਰਾਲੇ ਨੇ ਕੀਤਾ ਹੈ ਇਸ ਫੈਸਲੇ ਦਾ ਸਮੂੰਹ ਸਿੱਖ ਜਗਤ ਵਿਚ ਬੜੇ ਹੀ ਸਤਿਕਾਰ ਨਾਲ ਸਵਾਗਤ ਕੀਤਾ ਜਾ ਰਿਹਾ ਹੈ ਮਹਾਰਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਚੇਅਰਮੈਨ ਬੱਲ ਮਲਕੀਤ ਸਿੰਘ ਵਲੋ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਦਮੋਦਰ ਮੋਦੀ ਜੀ ਰੇਲਵੇ ਰਾਜ ਮੰਤਰੀ ਸ੍ਰ. ਰਵਨੀਤ ਸਿੰਘ ਜੀ ਬਿੱਟੂ ਦਾ ਤਹਿ ਦਿਲੋਂ ਵਿਸ਼ੇਸ਼ ਧੰਨਵਾਦ ਕੀਤਾ ਗਿਆ।

## ਜੀ.ਕੇ.ਯੂ. ਵੱਲੋਂ ਹਿੰਦੁਸਤਾਨੀ ਕਲਾਸੀਕਲ ਸੰਗੀਤ

# 'ਸਿਹਤਮੰਦ ਰੂਹ ਅਤੇ ਚੜ੍ਹਦੀਕਲਾ ਲਈ ਇੱਕ ਵਰਦਾਨ' ਵਿਸ਼ੇ 'ਤੇ ਵਰਕਸ਼ਾਪ ਦਾ ਆਯੋਜਨ





**ਤਲਵੰਡੀ ਸਾਬੋ, 25 ਮਾਰਚ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਵਿਜ਼ੂਅਲ ਐਂਡ ਪਰਫ਼ੋਰਮਿੰਗ ਆਰਟਸ ਵੱਲੋਂ ਭਾਈ ਮਰਦਾਨਾ ਚੇਅਰ ਦੇ ਸਹਿਯੋਗ ਨਾਲ ਆਈ.ਸੀ.ਐੱਸ.ਐੱਸ.ਆਰ ਦੇ ਪ੍ਰੋਜੈਕਟ ਅਧੀਨ ਹਿੰਦੁਸਤਾਨੀ ਕਲਾਸੀਕਲ ਸੰਗੀਤ "ਸਿਹਤਮੰਦ ਰੂਹ ਅਤੇ ਚੜ੍ਹਦੀਕਲਾ ਲਈ ਇੱਕ ਵਰਦਾਨ" ਵਿਸ਼ੇ 'ਤੇ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਜਿਸ ਦੀ ਪ੍ਰਧਾਨਗੀ ਵਾਈਸ ਚਾਂਸਲਰ ਪ੍ਰੋ.(ਡਾ.) ਜਗਤਾਰ ਸਿੰਘ ਧੀਮਾਨ ਨੇ ਕੀਤੀ। ਸਮਾਰੋਹ ਵਿੱਚ ਅੰਤਰ ਰਾਸ਼ਟਰੀ ਪ੍ਰਸਿੱਧੀ ਪ੍ਰਾਪਤ ਸਿਤਾਰ ਵਾਦਕ ਪੰਡਿਤ ਸੁਬਰਤੋ ਡੇ (ਬਿਸ਼ਨੂਪੁਰ ਘਰਾਣਾ) ਤੇ ਨਾਮਵਰ ਤਬਲਾ ਵਾਦਕ ਪੰਡਿਤ ਸਿਧਰਾਥ ਚੈਟਰਜੀ (ਫਾਰੂਖਾਬਾਦ ਘਰਾਣਾ) ਦੀ ਜੁਗਲਬੰਦੀ ਨੇ ਸਰੋਤਿਆਂ ਨੂੰ ਮੰਤਰ ਸੁਰਾਧ ਕੀਤਾ। ਉਦਘਾਟਨ ਮੌਕੇ ਵਾਈਸ ਚਾਂਸਲਰ ਡਾ. ਧੀਮਾਨ ਨੇ ਕਿਹਾ ਕਿ ਸੰਗੀਤ ਰੂਹ ਦੀ ਖ਼ੁਰਾਕ ਹੈ। ਜੋ ਭੱਜ-ਦੌੜ ਦੀ ਇਸ ਜ਼ਿੰਦਗੀ ਵਿੱਚ ਮਨ ਅਤੇ ਆਤਮਾ ਨੂੰ ਸ਼ਾਂਤੀ ਦਿੰਦਾ ਹੈ। ਉਹਨਾਂ ਕਿਹਾ ਕਿ ਸੰਗੀਤ ਬਿਨ੍ਹਾਂ ਲਫ਼ਜ਼ਾਂ ਤੋਂ ਪਰਮਾਤਮਾ ਨਾਲ ਬਿਰਤੀ ਲਾ ਦਿੰਦਾ ਹੈ। ਉਹਨਾਂ ਆਯੋਜਕਾਂ ਵੱਲੋਂ ਭਾਰਤੀ ਸ਼ਾਸਤਰੀ ਸੰਗੀਤ ਨੂੰ ਹਰਮਨ ਪਿਆਰਾ ਬਣਾਉਣ ਲਈ ਕੀਤੇ ਗਏ ਉਪਰਾਲਿਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸੰਗੀਤ ਨਾਲ ਕਈ ਬਿਮਾਰੀਆਂ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ, ਕਿਉਂਕਿ ਸੰਗੀਤ ਰੂਹ ਦੀ ਖ਼ੁਰਾਕ ਹੈ, ਜੋ ਭਗਤੀ ਦਾ ਵੀ ਇੱਕ ਮਾਧਿਅਮ ਹੈ। ਉਹਨਾਂ ਅਨੁਸਾਰ ਪੱਛਮੀ ਸੰਗੀਤ ਵਿੱਚ ਸ਼ੋਰ ਜ਼ਿਆਦਾ ਹੋਣ ਕਰਕੇ ਇਕਾਗਰਤਾ ਟੁੱਟਦੀ ਹੈ, ਜਦ ਕਿ ਭਾਰਤੀ ਸੰਗੀਤ ਅਤੇ ਰਾਗਾਂ ਦੁਆਰਾ ਮਨ ਨੂੰ ਸ਼ਾਂਤੀ ਮਿਲਦੀ ਹੈ। ਉਹਨਾਂ ਭਾਰਤੀ ਵਿਗਿਆਨੀ ਜੇ.ਸੀ ਬੋਸ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਪੌਧੇ ਵੀ ਸੰਗੀਤ ਦਾ ਆਨੰਦ ਮਾਣਦੇ ਹਨ। ਉਹਨਾਂ ਨੌਜਵਾਨ ਪੀੜ੍ਹੀ ਨੂੰ ਭਾਰਤੀ ਸੰਗੀਤ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਵਰਕਸ਼ਾਪ ਬਾਰੇ ਜਾਣਕਾਰੀ ਦਿੰਦਿਆਂ ਡੀਨ. ਡਾ. ਗੁਰਪ੍ਰੀਤ ਕੌਰ ਨੇ ਕਿਹਾ ਕਿ ਇਹ ਵਰਕਸ਼ਾਪ ਯੂਨੀਵਰਸਿਟੀ ਨੂੰ ਮਿਲੇ ਪ੍ਰੋਜੈਕਟ ਤਹਿਤ 5ਵਾਂ ਸਮਾਰੋਹ ਹੈ। ਉਹਨਾਂ ਦੱਸਿਆ ਕਿ ਜੀ.ਕੇ.ਯੂ ਵੱਲੋਂ ਭਾਰਤੀ ਸ਼ਾਸਤਰੀ ਸੰਗੀਤ ਦੀ ਸੇਵਾ ਲਈ ਸੂਫੀਅਨਾਂ, ਕਈ ਕਲਾਸੀਕਲ ਸੰਗੀਤ ਸਮਾਰੋਹਾਂ ਦਾ ਆਯੋਜਨ ਕੀਤਾ ਜਾ ਚੁੱਕਾ ਹੈ। ਉਹਨਾਂ ਵਰਕਸ਼ਾਪ ਵਿੱਚ ਪੇਸ਼ਕਾਰੀ ਦੇ ਰਹੇ ਸੰਗੀਤ ਵਿਦਵਾਨਾਂ ਵੱਲੋਂ ਵਜਾਏ ਗਏ ਰਾਗ ਅਹੀਰ ਭੈਰਵ ਬਾਰੇ ਜਾਣਕਾਰੀ ਦਿੰਦੇਆਂ ਦੱਸਿਆ ਕਿ ਜੇਕਰ ਇਹ ਰਾਗ ਸਹੀ ਸਮੇਂ ਅਤੇ ਪੱਕੇ ਪੈਰੀ ਵਜਾਇਆ ਜਾਵੇ ਤਾਂ ਇਹ ਮਾਨਸਿਕ ਤਣਾਅ ਨੂੰ ਘੱਟ ਕਰਦਾ ਹੈ ਸੰਗੀਤ ਸਮਾਰੋਹ ਵਿੱਚ ਪ੍ਰੋ. ਵਾਈਸ ਚਾਂਸਲਰ ਡਾ. ਪੀਯੂਸ਼ ਵਰਮਾ, ਡੀਨ. ਅਕਾਦਮਿਕ (ਡਾ.) ਜਾਵੇਦ ਅਹਿਮਦ ਖਾਨ, ਵੱਖ-ਵੱਖ ਵਿਭਾਗਾਂ ਦੇ ਡੀਨ, ਅਧਿਆਪਕ ਅਤੇ ਸੰਗੀਤ ਪ੍ਰੇਮੀ ਹਾਜ਼ਰ ਸਨ। ਜਦ ਕਿ ਭਾਰਤ ਦੇ ਵੱਖ-ਵੱਖ ਰਾਜਾਂ ਤੋਂ ਸੰਗੀਤ ਪ੍ਰੇਮੀ ਅਤੇ ਸੰਗੀਤ ਮਾਹਿਰ ਆਨਲਾਈਨ ਮਾਧਿਆਮ ਰਾਹੀਂ ਜੁੜੇ। ਇਸ ਮੌਕੇ ਫੈਕਲਟੀ ਆਫ਼ ਪਰਫੋਰਮਿੰਗ ਐਂਡ ਵਿਜ਼ੂਅਲ ਆਰਟਸ ਦੇ ਵਿਦਿਆਰਥੀਆਂ ਵੱਲੋਂ ਬਣਾਈਆਂ ਗਈਆਂ ਕਲਾ ਕ੍ਰਿਤੀਆਂ, ਤਸਵੀਰਾਂ ਅਤੇ ਕਲਾਤਮਕ ਵਸਤਾਂ ਦੀ ਪ੍ਰਦਸ਼ਰਨੀ ਲਗਾਈ ਗਈ। ਜਿਸ ਨੂੰ ਮਹਿਮਾਨਾਂ ਅਤੇ ਦਰਸ਼ਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਆਯੋਜਕਾਂ ਵੱਲੋਂ ਸੰਗੀਤ ਮਾਹਿਰਾਂ ਨੂੰ ਦੂਸ਼ਾਲੇ ਅਤੇ ਸਮ੍ਰਿਤੀ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆਂ। ਸਮਾਰੋਹ ਦਾ ਸੰਚਾਲਨ ਡਾ. ਕਵਿਤਾ ਅਤੇ ਡਾ. ਮੁਜ਼ਫਰ ਅਹਿਮਦ ਡਾਰ ਨੇ ਬਾਖੂਬੀ ਕੀਤਾ।

## ਗਰੂਮਿੰਗ ਗੈਂਗ ਤੋਂ ਬਚਣ ਲਈ ਜਲਦ ਸ਼ੁਰੂ ਕੀਤੀ ਜਾਏਗੀ ਜਾਗਰੂਕਤਾ ਲਹਿਰ : ਪਰਮਜੀਤ ਸਿੰਘ ਵੀਰਜੀ

# 300 ਤੋਂ ਵੱਧ ਸਿੰਘ ਸਭਾਵਾਂ ਨੂੰ ਗਰੂਮਿੰਗ ਗੈਂਗ ਬਾਰੇ ਗਹਿਰੀ ਵਿਚਾਰਾਂ ਲਈ ਲਿਖਿਆ ਪੱਤਰ



**ਨਵੀਂ ਦਿੱਲੀ 25 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਦੇਸ਼ ਅੰਦਰ ਵਡੀ ਗਿਣਤੀ ਵਿਚ ਬੱਚਿਆਂ ਦਾ ਲਾਪਤਾ ਹੋਣਾ ਜਿਨ੍ਹਾਂ ਵਿਚ ਖਾਸ ਕਰਕੇ ਬੱਚੀਆਂ ਦਾ ਹੋਣਾ ਵਡੀ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ ਤੇ ਇਸ ਉਪਰ ਲਗਾਮ ਕਸਣ ਵਿਚ ਵਡੀ ਪ੍ਰੇਸ਼ਾਨੀ ਖੜੀ ਹੋ ਰਹੀ ਹੈ ਕਿਉਕਿ ਇੰਨ੍ਹਾ ਮਾਮਲਿਆਂ ਵਿਚ ਬੱਚਿਆਂ ਵਲੋਂ ਪਰਿਵਾਰ ਨੂੰ ਕੁਝ ਦਸਿਆ ਨਹੀਂ ਜਾਂਦਾ ਹੈ। ਇੰਨ੍ਹਾ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਗੁਰਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਸਰਦਾਰ ਪਰਮਜੀਤ ਸਿੰਘ ਵੀਰ ਜੀ ਨੇ ਦਸਿਆ ਕਿ ਇਸ ਤਰ੍ਹਾਂ ਦੇ ਜਿਆਦਾਤਰ ਮਾਮਲੇ ਗਰੂਮਿੰਗ ਗੈਂਗ ਵਲੋਂ ਕੀਤੇ ਜਾਂਦੇ ਹਨ। ਉਨ੍ਹਾਂ ਦਸਿਆ ਪਹਿਲਾਂ ਉਨ੍ਹਾਂ ਦਾ ਨਿਸ਼ਾਨਾ ਹਿੰਦੂ ਧਰਮ ਦੇ ਬੱਚੇ ਸਨ ਪਰ ਉਨ੍ਹਾਂ ਵਲੋਂ ਸਖਤੀ ਕਰਣ ਕਰਕੇ ਹੁਣ ਉਨ੍ਹਾਂ ਦੇ ਨਿਸ਼ਾਨੇ ਤੇ ਸਿੱਖ ਬੱਚੇ ਆ ਗਏ ਹਨ। ਉਨ੍ਹਾਂ ਦਸਿਆ ਇਸ ਮਾਮਲੇ ਵਿਚ ਉਨ੍ਹਾਂ ਨੇ ਦਿੱਲੀ ਦੀਆਂ 300 ਤੋਂ ਵੱਧ ਵੱਖ ਵੱਖ ਸਿੰਘ ਸਭਾਵਾਂ ਨੂੰ ਪੱਤਰ ਲਿਖ ਕੇ ਇਸ ਮਾਮਲੇ ਉਪਰ ਗਹਿਰੀ ਵਿਚਾਰ ਕਰਣ ਦਾ ਸੱਦਾ ਦਿੱਤਾ ਹੈ। ਉਨ੍ਹਾਂ ਸਿੱਖ ਪਰਿਵਾਰਾਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਗਰੂਮਿੰਗ ਗੈਂਗ ਅਜਿਹੇ ਅਪਰਾਧੀ ਹੁੰਦੇ ਹਨ ਜੋ ਬੱਚਿਆਂ ਜਾਂ ਨੌਜਵਾਨਾਂ ਦਾ ਭਰੋਸਾ ਜਿੱਤ ਕੇ ਉਹਨਾਂ ਦਾ ਜਿਨਸੀ ਜਾਂ ਆਰਥਿਕ ਸ਼ੋਸ਼ਣ ਕਰਦੇ ਹਨ। ਇਸ ਤੋਂ ਬਚਾਅ ਲਈ ਕੁਝ ਉਪਾਅ ਬੇਹੱਦ ਜ਼ਰੂਰੀ ਹਨ ਜਿਨ੍ਹਾਂ ਵਿਚ ਮਾਂ ਪਿਓ ਆਪਣੇ ਬੱਚਿਆਂ ਨਾਲ ਅਜਿਹਾ ਰਿਸ਼ਤਾ ਬਨਾਣ ਕਿ ਉਹ ਬਿਨਾਂ ਕਿਸੇ ਡਰ ਦੇ ਤੁਹਾਡੇ ਨਾਲ ਹਰ ਗੱਲ ਸਾਂਝੀ ਕਰ ਸਕਣ। ਬੱਚਿਆਂ ਨੂੰ ਦੱਸੋ ਕਿ ਜੇਕਰ ਕੋਈ ਉਹਨਾਂ ਨੂੰ ਅਸਹਿਜ ਮਹਿਸੂਸ ਕਰਵਾਉਂਦਾ ਹੈ, ਤਾਂ ਉਹ ਤੁਰੰਤ ਤੁਹਾਨੂੰ ਦੱਸਣ। ਬੱਚਿਆਂ ਦੀਆਂ ਸੋਸ਼ਲ ਮੀਡੀਆ ਗਤੀਵਿਧੀਆਂ 'ਤੇ ਨਜ਼ਰ ਰੱਖੋ। ਉਹਨਾਂ ਨੂੰ ਅਣਜਾਣ ਲੋਕਾਂ ਨਾਲ ਦੋਸਤੀ ਕਰਨ ਦੇ ਖ਼ਤਰਿਆਂ ਬਾਰੇ ਜਾਗਰੂਕ ਕਰੋ, ਕਿਉਂਕਿ ਗਰੂਮਰ ਅਕਸਰ ਵਟਸਐਪ ਜਾਂ ਫੇਸਬੁੱਕ ਰਾਹੀਂ ਸੰਪਰਕ ਕਰਦੇ ਹਨ। ਖਾਸ ਕਰਕੇ ਜੇਕਰ ਤੁਹਾਡਾ ਬੱਚਾ ਅਚਾਨਕ ਨਵੇਂ ਕੱਪੜੇ, ਮਹਿੰਗੇ ਫ਼ੋਨ ਜਾਂ ਅਣਜਾਣ ਤੋਹਫ਼ੇ ਲਿਆ ਰਿਹਾ ਹੈ, ਤਾਂ ਇਸ ਬਾਰੇ ਓਸ ਕੋਲੋਂ ਪੁੱਛਗਿੱਛ ਕਰੋ। ਸਟਡੀ ਵੀਜ਼ਾ 'ਤੇ ਜਾਣ ਵਾਲੀਆਂ ਕੁੜੀਆਂ ਨੂੰ ਖਾਸ ਕਰਕੇ ਨਿਸ਼ਾਨਾ ਬਣਾਇਆ ਜਾਂਦਾ ਹੈ। ਇਸ ਲਈ ਉਨ੍ਹਾਂ ਵਲੋਂ ਦਿੱਤੀ ਜਾਣ ਵਾਲੀ ਆਰਥਿਕ ਮਦਦ ਜਾਂ ਨੌਕਰੀ ਦੇ ਲਾਲਚ ਵਿੱਚ ਆਉਣ ਤੋਂ ਬਚਣ ਅਤੇ ਹਮੇਸ਼ਾ ਸਰਕਾਰੀ ਤਸਦੀਕਸ਼ੁਦਾ ਸਲਾਹਕਾਰਾਂ ਦੀ ਮਦਦ ਲਈ ਦਸੋ । ਬੱਚਿਆਂ ਨੂੰ ਸਿਖਾਓ ਕਿ ਉਹਨਾਂ ਦੇ ਸਰੀਰ 'ਤੇ ਸਿਰਫ਼ ਉਹਨਾਂ ਦਾ ਹੱਕ ਹੈ। ਉਹਨਾਂ ਨੂੰ 'ਚੰਗੇ' ਅਤੇ 'ਮਾੜੇ' ਛੋਹ ਬਾਰੇ ਜਾਣਕਾਰੀ ਦਿਓ। ਗਰੂਮਰ ਅਕਸਰ ਬੱਚਿਆਂ ਨੂੰ ਗੱਲਾਂ ਗੁਪਤ ਰੱਖਣ ਲਈ ਕਹਿੰਦੇ ਹਨ। ਇਸ ਲਈ ਜਰੂਰੀ ਹੈ ਕਿ ਬੱਚਿਆਂ ਨੂੰ ਸਮਝਾਓ ਕਿ ਜੇਕਰ ਕੋਈ ਬਾਲਗ ਉਹਨਾਂ ਨੂੰ ਕੋਈ ਗੱਲ 'ਸੀਕਰੇਟ' ਰੱਖਣ ਲਈ ਕਹਿੰਦਾ ਹੈ, ਤਾਂ ਉਹ ਗੱਲ ਕਦੇ ਵੀ ਸਹੀ ਨਹੀਂ ਹੋ ਸਕਦੀ। ਬੱਚਿਆਂ ਨੂੰ ਇਹ ਸਿਖਾਉਣਾ ਬਹੁਤ ਜ਼ਰੂਰੀ ਹੈ ਕਿ ਉਹ ਕਿਸੇ ਵੀ ਅਜਿਹੀ ਗੱਲ ਲਈ 'ਨਾ' ਕਹਿ ਸਕਦੇ ਹਨ ਜੋ ਉਹਨਾਂ ਨੂੰ ਅਜੀਬ ਲੱਗੇ, ਭਾਵੇਂ ਉਹ ਕੋਈ ਵੱਡਾ ਵਿਅਕਤੀ ਹੀ ਕਿਉਂ ਨਾ ਹੋਵੇ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿਚ ਜਲਦ ਹੀ ਇਕ ਜਾਗਰੂਕਤਾ ਲਹਿਰ ਸ਼ੁਰੂ ਕੀਤੀ ਜਾਏਗੀ ਜਿਸ ਨਾਲ ਸਿੱਖ ਪਰਿਵਾਰਾਂ ਨੂੰ ਇੰਨ੍ਹਾ ਗਰੂਮਿੰਗ ਗੈਂਗ ਤੋਂ ਬਚਣ ਦੇ ਰਾਹ ਦਸ ਕੇ ਬੱਚਿਆਂ ਨੂੰ ਉਨ੍ਹਾਂ ਦੇ ਸ਼ਿਕਾਰ ਹੋਣ ਤੋਂ ਬਚਾਇਆ ਜਾ ਸਕੇ ।

# ਭਾਈ ਨਿੱਝਰ ਕਤਲ ਮਾਮਲੇ ਦੀ ਅਗਲੀ ਸੁਣਵਾਈ ਕੈਨੇਡੀਅਨ ਸੁਪਰੀਮ ਕੋਰਟ ਅੰਦਰ 7 ਅਪ੍ਰੈਲ ਤੋਂ ਹੋਵੇਗੀ



**ਨਵੀਂ ਦਿੱਲੀ, 25 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਸਿੱਖ ਪੰਥ ਦੀ ਆਜ਼ਾਦੀ ਦੇ ਲਈ ਚਲ ਰਹੇ ਮੌਜੂਦਾ ਸੰਘਰਸ਼ ਵਿਚ ਸ਼ਹੀਦ ਹੋਏ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਮਾਮਲੇ ਦੀ ਸੁਣਵਾਈ ਕੈਨੇਡਾ ਦੀ ਸੁਪਰੀਮ ਅਦਾਲਤ ਵਿਚ 7 ਅਪ੍ਰੈਲ ਤੋਂ ਲਗਾਤਾਰ ਕੀਤੀ ਜਾਏਗੀ। ਇਸ ਬਾਰੇ ਮਾਮਲੇ ਦੀ ਜਾਣਕਾਰੀ ਦੇਂਦਿਆ ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ ਅਤੇ ਮੈਂਬਰ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਦਸਿਆ ਕਿ ਇਸ ਮਾਰਚ ਦੇ ਮਹੀਨੇ ਦੌਰਾਨ ਵੀ ਅਦਾਲਤ ਅੰਦਰ ਲਗਾਤਾਰ ਸੁਣਵਾਈ ਕੀਤੀ ਗਈ ਸੀ 'ਤੇ ਅਪ੍ਰੈਲ ਦੇ ਮਹੀਨੇ ਵਿਚ 7 ਅਪ੍ਰੈਲ ਤੋਂ ਅਗਲੀ ਸੁਣਵਾਈ ਸ਼ੁਰੂ ਹੋਣੀ ਹੈ ਜੋ ਕਿ ਪੂਰਾ ਮਹੀਨਾ ਚਲਣ ਦੀ ਉੱਮੀਦ ਹੈ। ਉਨ੍ਹਾਂ ਦਸਿਆ ਇਸ ਮਾਮਲੇ ਵਿਚ ਵਕੀਲਾਂ ਵਲੋਂ ਸਬੂਤਾਂ ਨੂੰ ਰੋਕਣ ਦੀ ਕੋਸ਼ਿਸ਼ਾਂ ਕਰਦਿਆਂ ਅਦਾਲਤ ਅੰਦਰ ਅਪੀਲ ਲਗਾਈ ਗਈ ਹੈ ਜੋ ਕੀ ਸਿੱਖਾਂ ਨਾਲ ਵੱਡਾ ਧ੍ਰੋਹ ਹੈ ਕਿਉਕਿ ਕੈਨੇਡਾ ਦੇ ਸਾਬਕਾ ਪੀਐਮ ਟਰੂਡੋ ਨੇ ਕੈਨੇਡੀਅਨ ਸੰਸਦ ਵਿਚ ਵੀ ਭਾਈ ਨਿੱਝਰ ਦੇ ਕਤਲ ਵਿਚ ਭਾਰਤੀ ਕਰੰਦਿਆਂ ਦੇ ਹੱਥ ਹੋਣ ਦੇ ਪੁਖਤਾ ਸਬੂਤਾਂ ਬਾਰੇ ਕਿਹਾ ਸੀ ਤੇ ਬੀਤੇ ਦਿਨਾਂ ਵਿਚ ਵੱਖ ਵੱਖ ਅਖਬਾਰਾਂ ਨੇ ਵੀ ਇਸ ਬਾਰੇ ਭਾਰਤੀ ਰਾਜਦੂਤ ਅਤੇ ਇਕ ਮੁਲਜਮ ਦੇ ਸ਼ਕੀ ਕਿਰਦਾਰ ਬਾਰੇ ਗੱਲ ਚੁਕੀ ਸੀ ਅਤੇ ਇਸ ਦੇ ਨਾਲ ਹੀ ਕੈਨੇਡਾ ਦੀ ਏਜੰਸੀ ਦੇ ਅਫਸਰਾਂ ਨੇ ਵੀ ਪੁਖਤਾ ਸਬੂਤਾਂ ਬਾਰੇ ਗੱਲ ਕਹੀ ਹੈ। ਉਨ੍ਹਾਂ ਕਿਹਾ ਕੈਨੇਡਾ ਦੀ ਸਰਕਾਰ ਭਾਈ ਨਿੱਝਰ ਦੇ ਡੁੱਲ੍ਹੇ ਹੋਏ ਖ਼ੂਨ ਨੂੰ ਇੰਨਸਾਫ ਨਾ ਦੇਕੇ ਭਾਰਤ ਨਾਲ ਵਿਆਪਾਰ ਨੂੰ ਮਹੱਤਤਾ ਦੇ ਰਹੀ ਜੋ ਕਿ ਨਾਸਹਿਣਯੋਗ ਹੈ। ਉਨ੍ਹਾਂ ਕਿਹਾ ਕੈਨੇਡਾ ਪੁਲਿਸ ਵਲੋਂ ਸਿੱਖਾਂ ਨੂੰ ਜਾਨੀ ਨੁਕਸਾਨ ਹੋਣ ਦੇ ਖਤਰੇ ਬਾਰੇ ਵਾਰ ਵਾਰ ਆਪਣੀ ਸੁਰੱਖਿਆ ਪੁਖਤਾ ਕਰਣ ਲਈ ਚੇਤਾਵਨੀਆਂ ਜਾਰੀ ਕੀਤੀ ਜਾ ਰਹੀਆਂ ਹਨ ਜਿਸ ਨਾਲ ਸਾਬਿਤ ਹੁੰਦਾ ਹੈ ਕਿ ਭਾਰਤ ਵਲੋਂ ਕੈਨੇਡਾ ਵਿਚ ਵਿਚਰ ਰਹੇ ਆਜ਼ਾਦੀਪਸੰਦ ਸਿੱਖਾਂ ਦਾ ਨੁਕਸਾਨ ਕੀਤਾ ਜਾ ਸਕਦਾ ਹੈ। ਇਸ ਲਈ ਅਸੀਂ ਅਦਾਲਤ ਨੂੰ ਅਪੀਲ ਕਰਦੇ ਹਾਂ ਕਿ ਭਾਈ ਨਿੱਝਰ ਕਤਲ ਮਾਮਲੇ ਵਿਚ ਅਦਾਲਤ ਅੰਦਰ ਦਿੱਤੇ ਜਾ ਰਹੇ ਸਬੂਤਾਂ ਨੂੰ ਉਜਾਗਰ ਕੀਤਾ ਜਾਏ ਜਿਸ ਨਾਲ ਭਾਰਤ ਦੀ ਦਹਿਸ਼ਤਗਰਦੀ ਦਾ ਚੇਹਰਾ ਨੰਗਾ ਹੋ ਸਕੇ। ਅੰਤ ਵਿਚ ਉਨ੍ਹਾਂ ਨੇ ਕੈਨੇਡੀਅਨ ਸਿੱਖ ਪੰਜਾਬੀ ਪਰਿਵਾਰਾਂ ਨੂੰ ਭਾਈ ਨਿੱਝਰ ਦੇ ਮਾਮਲੇ ਦੀ ਸੁਣਵਾਈ ਦੌਰਾਨ ਭਾਰੀ ਗਿਣਤੀ ਅੰਦਰ ਅਦਾਲਤ ਦੇ ਅੰਦਰ ਅਤੇ ਬਾਹਰ ਹਾਜ਼ਰੀ ਭਰਣ ਦੀ ਅਪੀਲ ਕੀਤੀ।

# ਐਨ ਆਰ ਆਈ ਨੌਜਵਾਨ ਵੀਰਾਂ ਵੱਲੋਂ ਗ੍ਰੰਥੀ ਸਿੰਘ ਦਾ ਮੋਟਰਸਾਈਕਲ ਨਾਲ ਸਨਮਾਨ



**ਚੌਕ ਮਹਿਤਾ 25, ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿੰਡ ਰਿਆਲੀ ਦੇ ਗੁਰਦੁਆਰਾ ਬਾਬਾ ਦਰਸ਼ਨ ਦਾਸ ਜੀ ਦੇ ਗ੍ਰੰਥੀ ਭਾਈ ਸ਼ਿਵ ਸਿੰਘ ਨੂੰ ਐਨ ਆਰ ਆਈ ਨੌਜਵਾਨ ਵੀਰ ਜਗਨਦੀਪ ਸਿੰਘ ਰਿਆਲੀ ਆਸਟਰੇਲੀਆ, ਕਵਿੱਤਰ ਸਿੰਘ ਇਟਲੀ, ਕਰਨਜੀਤ ਸਿੰਘ ਇਟਲੀ ਫਗਵਾੜਾ ਅਤੇ ਸਤਿੰਦਰਬੀਰ ਸਿੰਘ ਇਟਲੀ ਤਲਵੰਡੀ ਲਾਲ ਸਿੰਘ ਵੱਲੋਂ ਮੋਟਰਸਾਈਕਲ ਦੇ ਕੇ ਸਨਮਾਨਿਤ ਗਿਆ। ਇਸ ਮੌਕੇ ਜਗਨਦੀਪ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਘਰ ਦੇ ਵਜੀਰ ਗ੍ਰੰਥੀ ਸਿੰਘ ਦੋਵੇਂ ਵੇਲੇ ਸਾਡੇ ਬੱਚਿਆਂ, ਪਰਿਵਾਰਾਂ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕਰਦੇ ਹਨ, ਇਸ ਕਰਕੇ ਸਾਨੂੰ ਵੀ ਉਨ੍ਹਾਂ ਦੇ ਬੱਚਿਆਂ ਦੀ ਪੜ੍ਹਾਈ ਅਤੇ ਪਰਿਵਾਰ ਲਈ ਲੋੜੀਦੀਆਂ ਸਹੂਲਤਾਂ ਦਾ ਖਿਆਲ ਰੱਖਣਾ ਚਾਹੀਦਾ ਹੈ, ਤਾਂ ਜੋ ਸਮਾਜ ਵਿੱਚ ਗੁਰੂ ਘਰ ਦੇ ਗ੍ਰੰਥੀ ਸਾਹਿਬਾਨਾਂ ਦਾ ਆਰਥਿਕ ਪੱਧਰ ਵੀ ਉੱਚਾ ਹੋ ਸਕੇ। ਇਸ ਮੌਕੇ ਗ੍ਰੰਥੀ ਭਾਈ ਸ਼ਿਵ ਸਿੰਘ ਜੀ ਨੇ ਐਨ ਆਰ ਆਈ ਨੌਜਵਾਨ ਵੀਰਾਂ ਦਾ ਅਤੇ ਪਿੰਡ ਦੀ ਸੰਮੂਹ ਸੰਗਤ ਦਾ ਧੰਨਵਾਦ ਕੀਤਾ। ਇਸ ਮੌਕੇ ਰਾਗੀ ਭਾਈ ਦਿਲਬਾਗ ਸਿੰਘ ਭੰਗਾਲੀ, ਕਵੀਸ਼ਰ ਭਾਈ ਹਰਦੀਪ ਸਿੰਘ ਮਰੜ੍ਹ, ਪਲਵਿੰਦਰ ਸਿੰਘ ਬਿਜਲੀ ਬੋਰਡ ਵਾਲੇ, ਸਰਪੰਚ ਰਣਜੀਤ ਸਿੰਘ ਤੇ ਪਿੰਡ ਦੇ ਹੋਰ ਪਤਵੰਤੇ ਵੀ ਹਾਜ਼ਰ ਸਨ।

### ਸਾਲ ਦੇ ਪਹਿਲੇ 74 ਦਿਨਾਂ ਵਿੱਚ ਹੀ ਪੁਲਿਸ ਹਿਰਾਸਤ ਅਧੀਨ ਹੋਈਆਂ 170 ਮੌਤਾਂ

# ਭਾਜਪਾ ਸ਼ਾਸਿਤ ਰਾਜਾਂ ਵਿੱਚ ਸਭ ਤੋਂ ਵੱਧ ਮਾਮਲੇ ਸਾਹਮਣੇ ਆਏ



**ਨਵੀਂ ਦਿੱਲੀ, 25 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:-ਲੋਕ ਸਭਾ ਵਿੱਚ ਪੇਸ਼ ਕੀਤੇ ਗਏ ਅੰਕੜਿਆਂ ਅਨੁਸਾਰ, ਭਾਰਤ ਵਿੱਚ 2025-26 ਵਿੱਚ 15 ਮਾਰਚ ਤੱਕ 170 ਹਿਰਾਸਤੀ ਮੌਤਾਂ ਦਰਜ ਕੀਤੀਆਂ ਗਈਆਂ, ਜਿਨ੍ਹਾਂ ਵਿੱਚੋਂ ਪਿਛਲੇ ਪੰਜ ਸਾਲਾਂ ਵਿੱਚ ਸਾਲਾਨਾ ਅੰਕੜੇ 140 ਤੋਂ 176 ਦੇ ਵਿਚਕਾਰ ਸਨ। ਇਨ੍ਹਾਂ ਅੰਕੜਿਆਂ ਦੇ ਬਾਵਜੂਦ, ਉਸੇ ਪੰਜ ਸਾਲਾਂ ਦੀ ਮਿਆਦ ਦੌਰਾਨ ਹਿਰਾਸਤੀ ਮੌਤਾਂ ਦੇ ਸਬੰਧ ਵਿੱਚ ਅਨੁਸ਼ਾਸਨੀ ਕਾਰਵਾਈ ਦਾ ਸਿਰਫ ਇੱਕ ਮਾਮਲਾ ਦਰਜ ਕੀਤਾ ਗਿਆ ਹੈ। ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਮੰਗਲਵਾਰ 24 ਮਾਰਚ ਨੂੰ ਸੰਸਦ ਵਿੱਚ ਪੇਸ਼ ਕੀਤੀ ਗਈ ਜਾਣਕਾਰੀ ਅਨੁਸਾਰ, ਤਾਮਿਲਨਾਡੂ ਵਿੱਚ ਇੱਕੋ ਇੱਕ ਮਾਮਲਾ ਦਰਜ ਕੀਤਾ ਗਿਆ ਸੀ। ਗ੍ਰਹਿ ਮੰਤਰਾਲੇ ਨੇ ਮੰਗਲਵਾਰ ਨੂੰ ਸੰਸਦ ਨੂੰ ਦੱਸਿਆ ਕਿ ਇਸ ਸਾਲ ਦੇ ਪਹਿਲੇ 74 ਦਿਨਾਂ (15 ਮਾਰਚ ਤੱਕ) ਵਿੱਚ ਦੇਸ਼ ਭਰ ਅੰਦਰ ਹਿਰਾਸਤ ਵਿੱਚ ਮੌਤਾਂ ਦੇ ਕੁੱਲ 170 ਮਾਮਲੇ ਦਰਜ ਕੀਤੇ ਗਏ ਹਨ, ਜੋ ਕਿ ਪਿਛਲੇ ਸਾਲ ਦੇ ਕੁੱਲ 140 ਮਾਮਲਿਆਂ ਨਾਲੋਂ ਵੱਧ ਹਨ। ਗ੍ਰਹਿ ਰਾਜ ਮੰਤਰੀ ਨਿਤਿਆਨੰਦ ਰਾਏ ਨੇ ਮੰਗਲਵਾਰ ਨੂੰ ਲੋਕ ਸਭਾ ਨੂੰ ਦੱਸਿਆ ਕਿ ਰਾਜ ਪੁਲਿਸ ਅਤੇ ਐਨਐਚਆਰਸੀ ਦੇ ਅੰਕੜਿਆਂ ਦੇ ਅਨੁਸਾਰ, ਬਿਹਾਰ 19 ਮਾਮਲਿਆਂ ਦੇ ਨਾਲ ਸੂਚੀ ਵਿੱਚ ਸਭ ਤੋਂ ਉੱਪਰ ਹੈ, ਉਸ ਤੋਂ ਬਾਅਦ ਰਾਜਸਥਾਨ 18 ਅਤੇ ਉੱਤਰ ਪ੍ਰਦੇਸ਼ 15 ਦੇ ਨਾਲ ਦੂਜੇ ਸਥਾਨ 'ਤੇ ਹੈ, ਜਦੋਂ ਕਿ ਗੁਜਰਾਤ, ਮਹਾਰਾਸ਼ਟਰ ਅਤੇ ਪੰਜਾਬ ਵਿੱਚ 14-14 ਮਾਮਲੇ ਸਾਹਮਣੇ ਆਏ ਹਨ। ਮੰਤਰੀ ਨੇ ਕਿਹਾ ਕਿ 2021-22 ਵਿੱਚ ਹਿਰਾਸਤ ਵਿੱਚ ਮੌਤਾਂ ਦੀਆਂ 176 ਘਟਨਾਵਾਂ ਦਰਜ ਕੀਤੀਆਂ ਗਈਆਂ ਸਨ; ਇਹ ਗਿਣਤੀ 2022-23 ਵਿੱਚ ਘੱਟ ਕੇ 163 ਰਹਿ ਗਈ; 2023-24 ਵਿੱਚ 157 ਅਤੇ ਪਿਛਲੇ ਸਾਲ 140 ਸੀ । ਬਿਹਾਰ, ਛੱਤੀਸਗੜ੍ਹ, ਹਰਿਆਣਾ, ਨਾਗਾਲੈਂਡ, ਓਡੀਸ਼ਾ, ਪੰਜਾਬ, ਰਾਜਸਥਾਨ, ਉੱਤਰ ਪ੍ਰਦੇਸ਼, ਉਤਰਾਖੰਡ, ਦਿੱਲੀ ਅਤੇ ਪੁਡੂਚੇਰੀ ਵਿੱਚ ਹਿਰਾਸਤ ਵਿੱਚ ਮੌਤਾਂ ਦੀ ਗਿਣਤੀ ਵਿੱਚ ਵਾਧਾ ਹੋਇਆ ਹੈ। ਇਸਦੇ ਨਾਲ ਹੀ ਸਰਕਾਰ ਨੇ ਜੇਲ੍ਹਾਂ ਦੀ ਆਬਾਦੀ ਬਾਰੇ ਵੀ ਅੰਕੜੇ ਪ੍ਰਦਾਨ ਕੀਤੇ। ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਦੇ ਅਨੁਸਾਰ, 31 ਦਸੰਬਰ, 2023 ਤੱਕ, ਭਾਰਤ ਵਿੱਚ 1,35,536 ਦੋਸ਼ੀਆਂ ਦੇ ਮੁਕਾਬਲੇ 3,89,910 ਅੰਡਰ ਟਰਾਇਲ ਕੈਦੀ ਸਨ।

**31 ਦਸੰਬਰ, 2023 ਤੱਕ, ਭਾਰਤ ਵਿੱਚ 1,35,536 ਦੋਸ਼ੀਆਂ ਦੇ ਮੁਕਾਬਲੇ 3,89,910 ਅੰਡਰ ਟਰਾਇਲ ਕੈਦੀ**

ਆਵਾਜ਼ਿ ਕੌਮ AWAZE QAUM International Newspaper & WEB TV

### ਵਿੱਤ ਮੰਤਰੀ ਐਡਵੋਕੇਟ ਚੀਮਾ ਨੂੰ ਟਰਾਂਸਪੋਰਟ ਵਿਭਾਗ ਮਿਲਣ 'ਤੇ

# ਉਨ੍ਹਾਂ ਦੇ ਚਾਹੁਣ ਵਾਲਿਆਂ ਵਿੱਚ ਖੁਸ਼ੀ ਦੀ ਲਹਿਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਖਜ਼ਾਨਾ ਮੰਤਰੀ ਸਰਦਾਰ ਹਰਪਾਲ ਸਿੰਘ ਚੀਮਾ ਨੂੰ ਟਰਾਂਸਪੋਰਟ ਵਿਭਾਗ ਦੀ ਨਵੀਂ ਜਿੰਮੇਵਾਰੀ ਦਿੱਤੀ ਗਈ ਹੈਜਿਸ ਦੇ ਨਾਲ ਉਹਨਾਂ ਦੇ ਚਾਹੁਣ ਬਾਲਿਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸੰਗਰੂਰ ਇੰਡਸਟਰੀ ਚੈਂਬਰ ਦੇ ਪ੍ਰਧਾਨ ਸਰਪੰਚ ਗੁਰਜੰਟ ਸਿੰਘ ਭੜੀ , ਸਰਪੰਚ ਜਗਰੂਪ ਸਿੰਘ ਕੌਲਸੇੜੀ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਸਿਮਰਨਜੀਤ ਸਿੰਘ ਬਟੂਹਾਂ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਜਗਜੀਤ ਸਿੰਘ ਕੱਕੜਵਾਲ ਮੈਂਬਰ ਬਲਾਕ ਸੰਮਤੀ, ਸਰਪੰਚ ਅਮਨਦੀਪ ਸਿੰਘ ਰਣੀਕੇ ਅਤੇ ਸਰਪੰਚ ਸੁਖਚੈਨ ਸਿੰਘ ਮੂਲੋਂਵਾਲ ਨੇ ਸਾਂਝੇ ਤੌਰ 'ਤੇ ਕੀਤਾ । ਆਗੂਆਂ ਨੇ ਕਿਹਾ ਕਿ ਜਦੋਂ ਤੋਂ ਪੰਜਾਬ ਵਿੱਚ ਆ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਉਸ ਦਿਨ ਤੋਂ ਪੰਜਾਬ ਵਿੱਚ ਵਿਕਾਸ ਚੰਗੀ ਪੱਧਰ ਤੇ ਚੱਲ ਰਹੇ ਹਨ ਪਿੰਡਾਂ ਦੇ ਵਿੱਚ ਸਰਪੰਚਾਂ ਨੂੰ ਕੰਮ ਕਰਨ ਦੇ ਲਈ ਮਿਸਤਰੀ ਨਹੀਂ ਮਿਲ ਰਹੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਧੂਰੀ ਹਲਕੇ ਨੂੰ ਦਿਲ ਖੋਲ ਕੇ ਗਰਾਂਟਾਂ ਦਿੱਤੀਆਂ ਜਾ ਰਹੀਆਂ ਹਨ ਜੋ ਕਿ ਕਿਸੇ ਵੀ ਸਰਕਾਰ ਨੇ ਪਿੰਡਾਂ ਨੂੰ ਇਨੀਆਂ ਗਰਾਂਟਾਂ ਮੁਹਈਆ ਨਹੀਂ ਕਰਵਾਈਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਪੁੱਤ ਜਿਨ੍ਹਾਂ ਦੇ ਮਰਗੇ ਗੱਭਰੂ ਕਿਵੇਂ ਜਿਉਂਦੀਆਂ ਮਾਵਾਂ ਰੱਬਾ ਪੁੱਤ ਨਾ ਖੋਵੀ ਕਿਸੇ ਦਾ ਮੰਗਾ ਏਹੀ ਦੁਆਵਾਂ



**ਫ਼ਿਰੋਜ਼ਪੁਰ, 25 ਮਾਰਚ (ਮਨੋਹਰ ਲਾਲ)** :— ਏਕਨੂਰ ਖਾਲਸਾ ਫੌਜ਼ ਦੇ ਸਿੰਘਾਂ ਨੂੰ ਉਸ ਸਮੇਂ ਬਹੁਤ ਭਾਰੀ ਸਦਮਾ ਲੱਗਾ ਜਦੋਂ ਜਥੇਬੰਦੀ ਦੇ ਜੁਝਾਰੂ ਸਿੰਘ ਭਾਈ ਸੁਖਵਿੰਦਰ ਸਿੰਘ ਲੋਹਗੜ੍ਹ ਮੁੱਖ ਸਲਾਹਕਾਰ ਦੇ ਨੌਜਵਾਨ ਪੁੱਤਰ ਚੰਨਪ੍ਰੀਤ ਸਿੰਘ ਮਾਮੂਲੀ ਜਿਹੀ ਬਿਮਾਰੀ ਨਾਲ ਕੁਝ ਦਿਨ ਹਸਪਤਾਲ ਰਹਿਣ ਮਗਰੋਂ ਇਸ ਫਾਨੀ ਸੰਸਾਰ ਨੂੰ ਤੇ ਪਰਿਵਾਰ ਨੂੰ ਰੌਂਦੇ ਕੁਰਲਾਉਂਦੇ ਛੱਡ ਕੇ ਗੁਰੂ ਚਰਨਾਂ ਵਿਚ ਜਾ ਬਿਰਾਜੇ। ਭਾਈ ਸੁਖਵਿੰਦਰ ਸਿੰਘ ਲੋਹਗੜ੍ਹ ਦੇ ਹੋਣਹਾਰ ਸਪੁੱਤਰ ਚੰਨਪ੍ਰੀਤ ਸਿੰਘ ਦੀ ਉਮਰ 30 ਸਾਲ ਸੀ ਅਤੇ ਇਕ ਪੁੱਤਰ 4 ਸਾਲ ਦਾ ਹੈ। ਜਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ ਕਾਕਾ ਚੰਨਪ੍ਰੀਤ ਸਿੰਘ ਦੀ ਅੰਤਿਮ ਅਰਦਾਸ 26 ਮਾਰਚ ਨੂੰ ਜੱਦੀ ਪਿੰਡ ਲੋਹਗੜ੍ਹ ਠਾਕਰਾਂ ਵਿਖੇ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਹੋਵੇਗੀ। ਇਸ ਮੌਕੇ ਦੁੱਖ ਦੀ ਘੜੀ ਵਿਚ ਸ਼ਰੀਕ ਹੁੰਦਿਆਂ ਬਾਬਾ ਦਿਲਬਾਗ ਸਿੰਘ ਸਭਰਾਵਾਂ, ਭਾਈ ਪਿੱਪਲ ਸਿੰਘ ਜ਼ੀਰਾ, ਰੁਪਿੰਦਰ ਸਿੰਘ ਜਲਾਲੇਆਣਾ, ਹਿੰਮਤ ਸਿੰਘ ਸੀਨੀਅਰ ਆਗੂ ਸ਼ਕੂਰ, ਗੁਰਭਾਗ ਸਿੰਘ ਮਰੂੜ, ਜ਼ਿਲ੍ਹਾ ਪ੍ਰਧਾਨ ਲਖਬੀਰ ਸਿੰਘ ਨੰਬਰਦਾਰ, ਨਿਰਮਲ ਸਿੰਘ ਗੱਟਾ ਬਾਦਸ਼ਾਹ ਸੀ. ਮੀਤ ਪ੍ਰਧਾਨ, ਸਵਰਨ ਸਿੰਘ ਸ਼ਹਿਰੀ ਪ੍ਰਧਾਨ, ਗੁਰਚਰਨ ਸਿੰਘ ਗੱਟੀ ਜਲਾਲਾਬਾਦ, ਨਛੱਤਰ ਸਿੰਘ ਮਿਸ਼ਰੀ ਵਾਲਾ ਪ੍ਰਧਾਨ ਫਰੀਦਕੋਟ, ਗੁਰਦੇਵ ਸਿੰਘ ਫ਼ਿਰੋਜ਼ਸ਼ਾਹ, ਪ੍ਰੀਤਮ ਸਿੰਘ ਸਰਕਲ ਘੱਲ ਖੁਰਦ, ਸੁਖਮੰਦਰ ਸਿੰਘ ਜੰਡਵਾਲਾ, ਸਰਕਲ ਮੁੱਦਕੀ, ਦਰਸ਼ਨ ਸਿੰਘ ਜ਼ੀਰਾ, ਜਗਜੀਤ ਸਿੰਘ ਮੱਲਾਂਵਾਲਾ, ਅਵਤਾਰ ਸਿੰਘ ਸਰਕਲ ਪ੍ਰਧਾਨ ਕੁਲਗੜ੍ਹੀ, ਬਲਜਿੰਦਰ ਸਿੰਘ ਲੋਹਗੜ੍ਹ, ਅਮਰੀਕ ਸਿੰਘ ਪ੍ਰੈਸ ਸਕੱਤਰ, ਸੁਖਪਾਲ ਸਿੰਘ ਗੋਨੇਆਣਾ ਪ੍ਰਧਾਨ ਬਠਿੰਡਾ, ਭਾਈ ਕੁਲਦੀਪ ਸਿੰਘ ਪ੍ਰਧਾਨ ਰਾਜਸਥਾਨ ਇਕਾਈ, ਚਮਕੌਰ ਸਿੰਘ ਸ਼ਕੂਰ ਸਰਕਲ ਤਲਵੰਡੀ ਭਾਈ, ਲਾਲ ਸਿੰਘ ਸਰਕਲ ਮਮਦੋਟ, ਦੁਲਾ ਸਿੰਘ ਸਰਕਲ ਮਖੂ, ਸਾਧੂ ਸਿੰਘ ਮਰੂੜ, ਲਖਵੀਰ ਸਿੰਘ ਮਹਾਲਮ ਪ੍ਰਧਾਨ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਭਾਈ ਜ਼ਸਪਾਲ ਸਿੰਘ ਫੈਡਰੇਸ਼ਨ ਆਗੂ, ਰਣਧੀਰ ਸਿੰਘ ਰੋਡੇਵਾਲਾ ਮੀਤ ਪ੍ਰਧਾਨ, ਗੁਰਬਖਸ਼ ਸਿੰਘ ਬਜੀਦਪੁਰ ਸਾਹਿਬ, ਹਰਜਿੰਦਰ ਸਿੰਘ ਮਾਣੇਵਾਲਾ ਕਵੀਸ਼ਰ, ਰਜਿੰਦਰ ਸਿੰਘ, ਹਰਦੀਪ ਸਿੰਘ ਪ੍ਰਧਾਨ ਮੋਗਾ ਨੇ ਵਾਹਿਗੁਰੂ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਬਖਸ਼ੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਮਨਾਇਆ ਵਿਸ਼ਵ ਟੀ.ਬੀ ਦਿਵਸ




ਫ਼ਿਰੋਜ਼ਪੁਰ, 25 ਮਾਰਚ (ਮਨੋਹਰ ਲਾਲ) :— ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਵਿਸ਼ਵ ਟੀ.ਬੀ ਦਿਵਸ 2026 ਮਨਾਇਆ ਗਿਆ ਅਤੇ ਇਸ ਦੌਰਾਨ ਹਾਜ਼ਰੀਨ ਨੂੰ ਟੀ.ਬੀ ਦੇ ਲੱਛਣਾਂ ਤੋਂ ਜਾਣੂ ਕਰਵਾਉਂਦੇ ਹੋਏ ਇਸ ਬਿਮਾਰੀ ਤੋਂ ਬਚਾਓ ਸਬੰਧੀ ਵਿਚਾਰਾਂ ਕੀਤੀਆਂ ਗਈਆਂ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸਿਵਲ ਸਰਜਨ ਫ਼ਿਰੋਜ਼ਪੁਰ ਡਾ: ਰਜੀਵ ਪ੍ਰਸ਼ਾਰ ਦੀ ਯੋਗ ਅਗਵਾਈ ਹੇਠ ਡਾ: ਜਤਿੰਦਰ ਕੋਛੜ ਐਮ.ਡੀ ਮੈਡੀਸਨ ਵਾਧੂ ਚਾਰਜ ਜ਼ਿਲ੍ਹਾ ਟੀ.ਬੀ ਅਫਸਰ ਫ਼ਿਰੋਜ਼ਪੁਰ ਦੀ ਨਿਗਰਾਨੀ ਹੇਠ ਹੋਏ ਇਸ ਸਮਾਰੋਹ ਦੌਰਾਨ ਟੀ.ਬੀ ਮੁਕਤ ਭਾਰਤ ਅਭਿਆਨ ਅਧੀਨ ਸਰਕਾਰੀ ਯੋਜਨਾਵਾਂ ਬਾਰੇ ਲੋਕਾਂ ਨੂੰ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਦੇਸ਼ ਵਿਚੋਂ ਟੀ.ਬੀ ਨੂੰ ਸਮਾਪਤ ਕਰਨ ਲਈ ਜ਼ਰੂਰੀ ਇਲਾਜ ਅਤੇ ਸਾਵਧਾਨੀਆਂ ਦੀ ਸਖਤ ਲੋੜ ਹੈ ਤਾਂ ਕਿ ਇਹ ਬਿਮਾਰੀ ਹੋਰ ਨਾ ਫੈਲ ਸਕੇ। ਇਸ ਮੌਕੇ ਮਰੀਜਾਂ ਨੂੰ ਜਾਗਰੂਕ ਕਰਦਿਆਂ ਰਾਜ ਕੁਮਾਰ ਫਾਰਮੇਸੀ ਅਫਸਰ ਅਤੇ ਰਾਜਦੀਪ ਸਿੰਘ ਟੀ.ਬੀ.ਐਚ.ਵੀ ਨੇ ਦੱਸਿਆ ਕਿ ਟੀ.ਬੀ ਇਲਾਜ ਅਧੀਨ ਸਮੇਂ—ਸਮੇਂ ਸਿਰ ਚੈਕਅਪ, ਪੌਸ਼ਿਟਕ ਭੋਜਨ ਅਤੇ ਨਸ਼ੇ ਰਹਿਤ ਜੀਵਨਸ਼ੈਲੀ ਅਪਣਾਉਣ ਨਾਲ ਹੀ ਭਾਰਤ ਟੀ.ਬੀ ਮੁਕਤ ਹੋ ਸਕਦਾ ਹੈ। ਇਸ ਮੌਕੇ ਅਰੁਨ ਕੁਮਾਰ ਐਲ.ਟੀ, ਕਮਲਜੀਤ ਸਿੰਘ ਐਸ.ਟੀ.ਐਸ, ਹਰਮਿੰਦਰ ਪਾਲ ਸਿੰਘ ਟੀ.ਬੀ.ਐਚ.ਵੀ, ਅਮਰਿੰਦਰ ਸਿੰਘ ਡੀ.ਪੀ.ਐਸ, ਮਲਕੀਤ ਸਿੰਘ ਐਸ.ਟੀ.ਐਲ.ਐਸ, ਵੀਰਪਾਲ ਕੌਰ ਸਟਾਫ ਨਰਸ, ਬੰਦਨਾ ਸਟਾਫ ਨਰਸ, ਸਿਮਰਨਜੀਤ ਸਿੰਘ ਐਲ.ਟੀ ਅਤੇ ਰਿੰਕੂ ਕੰਬੋਜ਼ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਫਿਰੋਜ਼ਪੁਰ ਕੈਂਟ ਵਿੱਚ ਅਨਿਲ ਬਾਗੀ ਹਸਪਤਾਲ ਵੱਲੋਂ ਅਲਟ੍ਰਾਸਾਊਂਡ ਤੇ ਸਪੈਸ਼ਿਲਸਟ ਓਪੀਡੀ ਸਹੂਲਤ ਦੀ ਸ਼ੁਰੂਆਤ



ਫ਼ਿਰੋਜ਼ਪੁਰ, 25 ਮਾਰਚ (ਮਨੋਹਰ ਲਾਲ) :— ਸ਼ਹਿਰ ਅਤੇ ਆਸ—ਪਾਸ ਦੇ ਇਲਾਕਿਆਂ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਵੱਲ ਅਨਿਲ ਬਾਗੀ ਹਸਪਤਾਲ ਨੇ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਫਿਰੋਜ਼ਪੁਰ ਕੈਂਟ ਖੇਤਰ ਵਿੱਚ ਅਲਟ੍ਰਾਸਾਊਂਡ ਜਾਂਚ ਕਲਿਨਿਕ ਦੀ ਸ਼ੁਰੂਆਤ ਕੀਤੀ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਸਹੂਲਤ ਨਾਲ ਹੁਣ ਕੈਂਟ ਅਤੇ ਨੇੜਲੇ ਇਲਾਕਿਆਂ ਦੇ ਲੋਕਾਂ ਨੂੰ ਲੋੜੀਂਦੀ ਜਾਂਚ ਅਤੇ ਸਪੈਸ਼ਿਲਸਟ ਡਾਕਟਰਾਂ ਦੀ ਸਲਾਹ ਲਈ ਦੂਰ ਨਹੀਂ ਜਾਣਾ ਪਵੇਗਾ। ਉਨ੍ਹਾਂ ਦੱਸਿਆ ਕਿ ਕਲਿਨਿਕ ਵਿੱਚ ਆਧੁਨਿਕ ਅਲਟ੍ਰਾਸਾਊਂਡ ਮਸ਼ੀਨ ਦੀ ਸਹੂਲਤ ਉਪਲਬਧ ਕਰਵਾਈ ਗਈ ਹੈ। ਇਸ ਦੇ ਨਾਲ ਹੀ ਅਤੁਲਿਆ ਲੈਬ ਸਰਵਿਸ, ਈਸੀਜੀ ਅਤੇ ਡਿਜ਼ਿਟਲ ਐਕਸ—ਰੇ ਵਰਗੀਆਂ ਸਹੂਲਤਾਂ ਵੀ ਇੱਕੋ ਜਗ੍ਹਾਂ ਉਪਲਬਧ ਹਨ, ਜਿਸ ਨਾਲ ਬਿਮਾਰੀਆਂ ਦੀ ਸਮੇਂ ਸਿਰ ਅਤੇ ਸਹੀ ਪਛਾਣ ਕਰਨਾ ਆਸਾਨ ਹੋਵੇਗਾ। ਇਸ ਤੋਂ ਇਲਾਵਾ ਕਲਿਨਿਕ ਵਿੱਚ ਅਨਿਲ ਬਾਗੀ ਹਸਪਤਾਲ ਦੇ ਤਜਰਬੇਕਾਰ ਸਪੈਸ਼ਿਲਸਟ ਡਾਕਟਰ—ਕਾਰਡੀਓਲੋਜੀ, ਨਿਊਰੋਲੋਜੀ, ਗੈਸਟ੍ਰੋਐਂਟਰੋਲੋਜੀ, ਗਾਇਨੇਕੋਲੋਜੀ, ਪੀਡੀਆਟ੍ਰਿਕਸ, ਈਐਨਟੀ (ਨੱਕ, ਕੰਨ, ਗਲਾ), ਫੇਫੜਿਆਂ ਦੀਆਂ ਬਿਮਾਰੀਆਂ, ਚਮੜੀ ਰੋਗ ਅਤੇ ਜਨਰਲ ਮੈਡੀਸਿਨ ਸ਼ਾਮ ਦੇ ਸਮੇਂ ਓਪੀਡੀ ਵਿੱਚ ਮਰੀਜ਼ਾਂ ਨੂੰ ਸਲਾਹ ਦੇਣਗੇ। ਇਸ ਨਾਲ ਕੈਂਟ ਖੇਤਰ ਦੇ ਲੋਕਾਂ ਨੂੰ ਆਪਣੇ ਹੀ ਇਲਾਕੇ ਵਿੱਚ ਮਾਹਿਰ ਡਾਕਟਰਾਂ ਦੀ ਸੇਵਾ ਆਸਾਨੀ ਨਾਲ ਮਿਲੇਗੀ। ਹਸਪਤਾਲ ਪ੍ਰਬੰਧਕਾਂ ਮੁਤਾਬਕ ਇਹ ਪਹਿਲ ਫਿਰੋਜ਼ਪੁਰ ਅਤੇ ਆਸ—ਪਾਸ ਦੇ ਇਲਾਕਿਆਂ ਵਿੱਚ ਬਿਹਤਰ, ਸਸਤੀ ਅਤੇ ਸਮੇਂ ਸਿਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਦਾ ਹਿੱਸਾ ਹੈ। ਉਨ੍ਹਾਂ ਦੱਸਿਆ ਕਿ ਓ.ਪੀ.ਡੀ ਕਲਿਨਿਕ ਦੀ ਸ਼ੁਰੂਆਤ ਨਾਲ ਸਥਾਨਕ ਨਿਵਾਸੀਆਂ, ਰੱਖਿਆ ਕਰਮਚਾਰੀਆਂ ਦੇ ਪਰਿਵਾਰਾਂ ਅਤੇ ਨੇੜਲੇ ਇਲਾਕਿਆਂ ਦੇ ਲੋਕਾਂ ਨੂੰ ਵੱਡਾ ਫਾਇਦਾ ਹੋਵੇਗਾ।

### ਸਸਟੇਨੇਬਲ ਫਾਰਮਿੰਗ ਅਪਣਾਉਣ ਵਾਲੇ

# 250 ਕਿਸਾਨਾਂ ਦਾ ਕੀਤਾ ਸਨਮਾਨ



**ਚੌਕ ਮਹਿਤਾ, 25 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਸਟੇਨੇਬਲ ਫਾਰਮਿੰਗ (ਟਿਕਾਊ ਖੇਤੀ) ਨੂੰ ਪ੍ਰੋਤਸਾਹਿਤ ਕਰਨ ਲਈ ਸਾਂਝ ਪੰਜਾਬ ਨੇ ਅਸਰ ਅਤੇ ਕਲੀਨ ਏਅਰ ਪੰਜਾਬ ਦੇ ਸਹਿਯੋਗ ਨਾਲ ਖਾਲਸਾ ਯੂਨੀਵਰਸਿਟੀ ਵਿੱਚ ਰਾਜ ਭਰ ਦੇ 250 ਪ੍ਰਗਤੀਸ਼ੀਲ ਕਿਸਾਨਾਂ ਨੂੰ ਸਨਮਾਨਿਤ ਕੀਤਾ। ਇਨ੍ਹਾਂ ਕਿਸਾਨਾਂ ਨੇ ਪਰਾਲੀ ਸਾੜਨ ਦੀ ਪ੍ਰਥਾ ਖਤਮ ਕਰਨ ਵੱਲ ਸ਼ਲਾਘਾਯੋਗ ਕੰਮ ਕੀਤਾ ਹੈ। ਪ੍ਰੋਗਰਾਮ ਦਾ ਮੁੱਖ ਮਕਸਦ ਕਿਸਾਨਾਂ ਵਿਚ ਪਰਾਲੀ ਪ੍ਰਬੰਧਨ ਬਾਰੇ ਸਾਂਝ ਵਧਾਉਣਾ ਸੀ

ਸਾਂਝ ਪੰਜਾਬ ਵਿੱਚ ਖੇਤੀ ਵਿਰਾਸਤ ਮਿਸ਼ਨ, ਮਾਨਵ ਵਿਕਾਸ ਸੰਸਥਾਨ, ਆਈਪੀਐਸ ਫਾਊਂਡੇਸ਼ਨ, ਯੰਗ ਇਨੋਵੇਟਿਵ ਫਾਰਮਰਜ਼, ਕਲੀਨ ਏਅਰ ਪੰਜਾਬ, ਏਅਰ ਕੇਅਰ ਸੈਂਟਰ, ਅਸਰ, ਸੀਮਿਟ ਅਤੇ ਆਈਆਈਐਮਆਰ ਵਰਗੀਆਂ ਸੰਸਥਾਵਾਂ ਸ਼ਾਮਲ ਹਨ, ਜੋ ਕਿਸਾਨਾਂ ਨਾਲ ਮਿਲ ਕੇ ਜਲਵਾਯੂ-ਅਨੁਕੂਲ ਖੇਤੀ ਨੂੰ ਪ੍ਰੋਤਸਾਹਿਤ ਕਰ ਰਹੀਆਂ ਹਨ

ਇਸ ਮੌਕੇ ਖਾਲਸਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਮਹਲ ਸਿੰਘ, ਏਡੀਸੀ ਰੁਪਿੰਦਰ ਪਾਲ ਸਿੰਘ ਅਤੇ ਐਸਡੀਐਮ ਮਜੀਠਾ ਪਿਊਸ਼ਾ ਬੁਰਡਕ ਸਮੇਤ ਕਿਸਾਨ, ਖੋਜਕਰਤਾ, ਸਮਾਜਿਕ ਸੰਸਥਾਵਾਂ ਅਤੇ ਸਰਕਾਰੀ ਨੁਮਾਇੰਦੇ ਵੀ ਮੌਜੂਦ ਸਨ ਡਾ. ਮਹਲ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਕਿਸਾਨਾਂ ਵਿਚ ਆਪਸੀ ਸਿੱਖਿਆ ਟਿਕਾਊ ਖੇਤੀ ਨੂੰ ਵਧਾਉਣ ਦਾ ਸਭ ਤੋਂ ਪ੍ਰਭਾਵਸ਼ਾਲੀ ਤਰੀਕਾ ਹੈ ਅਤੇ ਸੰਸਥਾਵਾਂ ਨੂੰ ਕਿਸਾਨਾਂ ਦੇ ਇਨੋਵੇਸ਼ਨ ਨਾਲ ਜੁੜਨਾ ਚਾਹੀਦਾ ਹੈ। 'ਮੌਸਮ ਦਾ ਡਾਕਟਰ' ਦੇ ਨਾਮ ਨਾਲ ਮਸ਼ਹੂਰ ਪ੍ਰਗਤੀਸ਼ੀਲ ਕਿਸਾਨ ਪਾਲਵਿੰਦਰ ਸਿੰਘ ਨੇ ਪਰਾਲੀ ਨਾ ਸਾੜਨ ਲਈ ਆਪਣੀ ਲੰਬੀ ਵਚਨਬੱਧਤਾ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਖੇਤੀ ਵਿੱਚ ਬਦਲਾਅ ਸਭ ਤੋਂ ਵਧੀਆ ਤਰੀਕੇ ਨਾਲ ਤਦੋਂ ਆਉਂਦਾ ਹੈ ਜਦੋਂ ਕਿਸਾਨ ਆਪਣੇ ਖੇਤਾਂ ਵਿੱਚ ਖੁਦ ਉਦਾਹਰਨ ਬਣਦੇ ਹਨ

ਉਨ੍ਹਾਂ ਨੇ 'ਸਾਂਝਾ ਮਿਤਰ' ਚੈਟਬੋਟ ਦੀ ਭੂਮਿਕਾ ਦਾ ਵੀ ਜ਼ਿਕਰ ਕੀਤਾ ਅਤੇ ਕਿਹਾ ਕਿ ਸਮੇਂ 'ਤੇ ਮਸ਼ੀਨਰੀ ਅਤੇ ਸਲਾਹ ਮਿਲਣ ਨਾਲ ਛੋਟੇ ਕਿਸਾਨਾਂ ਨੂੰ ਪਰਾਲੀ ਸਾੜਨ ਤੋਂ ਬਚਣ ਵਿੱਚ ਮਦਦ ਮਿਲ ਸਕਦੀ ਹੈ

ਯੰਗ ਇਨੋਵੇਟਿਵ ਫਾਰਮਰਜ਼ ਦੇ ਗੁਰਬਿੰਦਰ ਸਿੰਘ ਬਾਜਵਾ ਨੇ ਕਿਹਾ ਕਿ ਜਦੋਂ ਕਿਸਾਨ ਇਕੱਠੇ ਕੰਮ ਕਰਦੇ ਹਨ ਤਾਂ ਉਸਦਾ ਅਸਰ ਕਈ ਗੁਣਾ ਵੱਧ ਜਾਂਦਾ ਹੈ ਅਤੇ ਉਨ੍ਹਾਂ ਦੇ ਸਮੂਹ ਨੇ ਇਸ ਸੀਜ਼ਨ ਵਿੱਚ ਵੱਡੇ ਖੇਤਰ ਵਿੱਚ ਪਰਾਲੀ ਸਾੜਨ ਤੋਂ ਰੋਕਣ ਵਿੱਚ ਸਫਲਤਾ ਹਾਸਲ ਕੀਤੀ ਹੈ।

ਕੇਵੀਕੇ ਤੋਂ ਡਾ. ਰਮਿੰਦਰ ਕੌਰ ਹੁੰਦਲ ਨੇ ਕਿਹਾ ਕਿ ਟਿਕਾਊ ਖੇਤੀ ਵੱਲ ਬਦਲਾਅ ਨੂੰ ਫਸਲ ਚੱਕਰ, ਮਿੱਟੀ ਦੀ ਸਿਹਤ ਅਤੇ ਸਰੋਤਾਂ ਦੇ ਵਧੀਆ ਇਸਤੇਮਾਲ ਨਾਲ ਜੋੜਨਾ ਜਰੂਰੀ ਹੈ, ਖਾਸ ਕਰਕੇ ਖਰੀਫ ਸੀਜ਼ਨ ਦੀ ਤਿਆਰੀ ਲਈ ਆਈਆਈਐਮਆਰ ਤੋਂ ਡਾ. ਮਨਿਸ਼ ਨੇ ਕਿਹਾ ਕਿ ਕਿਸਾਨਾਂ ਨੂੰ ਸਨਮਾਨਿਤ ਕਰਨਾ ਮਹੱਤਵਪੂਰਨ ਹੈ, ਪਰ ਇਸ ਤੋਂ ਵੀ ਜ਼ਿਆਦਾ ਜਰੂਰੀ ਹੈ ਕਿ ਉਨ੍ਹਾਂ ਦੇ ਤਜਰਬੇ ਹੋਰ ਕਿਸਾਨਾਂ ਤੱਕ ਪਹੁੰਚਣ ਤਾਂ ਜੋ ਸਫਲ ਮਾਡਲ ਵੱਡੇ ਪੱਧਰ 'ਤੇ ਅਪਣਾਏ ਜਾ ਸਕਣ

ਮਾਨਵ ਵਿਕਾਸ ਸੰਸਥਾਨ ਤੋਂ ਧਨੰਜਯ ਨੇ ਕਿਹਾ ਕਿ ਕਿਸਾਨਾਂ ਨਾਲ ਲਗਾਤਾਰ ਜ਼ਮੀਨੀ ਪੱਧਰ 'ਤੇ ਕੰਮ ਕਰਨਾ ਅਤੇ ਭਰੋਸਾ ਬਣਾਉਣਾ ਟਿਕਾਊ ਖੇਤੀ ਅਪਣਾਉਣ ਲਈ ਬਹੁਤ ਜਰੂਰੀ ਹੈ। ਆਈਪੀਐਸ ਫਾਊਂਡੇਸ਼ਨ ਦੇ ਅਜੈ ਮਲਿਕ ਨੇ ਕਿਹਾ ਕਿ ਇਸ ਸਮੱਸਿਆ ਦੇ ਹੱਲ ਲਈ ਵੱਖ-ਵੱਖ ਸੰਸਥਾਵਾਂ ਦਾ ਸਹਿਯੋਗ ਜਰੂਰੀ ਹੈ ਅਤੇ ਸਾਂਝ ਪੰਜਾਬ ਵਰਗੇ ਮੰਚ ਕਿਸਾਨਾਂ ਅਤੇ ਸੰਸਥਾਵਾਂ ਨੂੰ ਇਕੱਠਾ ਲਿਆਉਂਦੇ ਹਨ

ਕਲੀਨ ਏਅਰ ਪੰਜਾਬ ਦੀ ਸਟੇਟ ਲੀਡ ਗੁਰਪ੍ਰੀਤ ਕੌਰ ਨੇ ਕਿਹਾ ਕਿ ਸਾਫ਼ ਹਵਾ ਮੁਹਿੰਮ ਵਿੱਚ ਕਿਸਾਨਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ ਅਤੇ ਅਜਿਹੀਆਂ ਪਹਿਲਾਂ ਨਾਲ ਵਾਤਾਵਰਣ ਪ੍ਰਦੂਸ਼ਣ ਘਟਾਉਣ ਵਿੱਚ ਮਦਦ ਮਿਲੇਗੀ।

ਪ੍ਰੋਗਰਾਮ ਦੌਰਾਨ ਕਿਸਾਨਾਂ ਨੇ ਪਰਾਲੀ ਪ੍ਰਬੰਧਨ, ਮਸ਼ੀਨਾਂ ਦੇ ਇਸਤੇਮਾਲ, ਫਸਲ ਵਿਭਿੰਨਤਾ ਅਤੇ ਪਾਣੀ ਸੰਭਾਲ ਵਰਗੇ ਵਿਸ਼ਿਆਂ 'ਤੇ ਆਪਣੇ ਤਜਰਬੇ ਵੀ ਸਾਂਝੇ ਕੀਤੇ।

### ਆਗੂਆਂ ਨੇ ਚੀਮਾ ਨੂੰ ਟਰਾਂਸਪੋਰਟ ਵਿਭਾਗ ਮਿਲਣ 'ਤੇ

# ਦਿੱਤੀ ਮੁਬਾਰਕਬਾਦ, ਹਾਈ ਕਮਾਂਡ ਦਾ ਕੀਤਾ ਧੰਨਵਾਦ

**ਸੰਗਾਲਾ ( ਰਣਜੀਤ ਸਿੰਘ ਪੇਧਨੀ)**-ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ਪੰਜਾਬ ਸਰਕਾਰ ਵਿੱਚ ਫੇਰ ਬਦਲ ਹੋਇਆ ਹੈ ਜਿਸ ਦੇ ਚਲਦਿਆਂ ਪੰਜਾਬ ਦੇ ਵਿੱਤ ਮੰਤਰੀ ਸਰਦਾਰ ਹਰਪਾਲ ਸਿੰਘ ਚੀਮਾ ਨੂੰ ਟਰਾਂਸਪੋਰਟ ਵਿਭਾਗ ਦੀ ਨਵੀਂ ਜਿੰਮੇਵਾਰੀ ਦਿੱਤੀ ਗਈ ਐਡਵੋਕੇਟ ਚੀਮਾ ਨੂੰ ਨਵੀਂ ਜਿੰਮੇਵਾਰੀ ਮਿਲਨ ਤੇ ਮੁਬਾਰਕਬਾਦ ਦਿੰਦਿਆਂ ਉੱਘੇ ਸਮਾਜ ਸੇਵੀ ਅਮਰੀਕ ਸਿੰਘ ਸੋਹੀ ਚੇਅਰਮੈਨ ਵੇਰਕਾ ਮਿਲਕ ਪਲਾਂਟ ਸੰਗਰੂਰ, ਜਿਲ੍ਹਾ ਪ੍ਰੀਸ਼ਦ ਮੈਂਬਰ ਸਰਪੰਚ ਅੰਮ੍ਰਿਤ ਚਹਿਲ ਘਨੌਰੀ, ਯੂਥ ਆਗੂ ਰਮਨਦੀਪ ਸਿੰਘ ਜਵੰਧਾ, ਸਰਪੰਚ ਲਾਲੀ ਬੰਗਾਵਾਲੀ ਅਤੇ ਆਪ ਆਗੂ ਖਾਨ ਕਹੇਰੂ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਤੋਂ ਲੋਕ ਪਹਿਲਾਂ ਹੀ ਬਹੁਤ ਖੁਸ਼ ਹਨ, ਪਰ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਟਰਾਂਸਪੋਰਟ ਵਿਭਾਗ ਮਿਲਣ ਦੇ ਨਾਲ ਟਰਾਂਸਪੋਰਟ ਵਿਭਾਗ ਹੋਰ ਵੀ ਤਰੱਕੀ ਵੱਲ ਵਧੇਗਾ ਅਤੇ ਵਿਭਾਗ ਵਿੱਚ ਪਿਛਲੇ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕਰਕੇ ਐਡਵੋਕੇਟ ਚੀਮਾ ਟਰਾਂਸਪੋਰਟ ਵਿਭਾਗ ਨਾਲ ਸਬੰਧਿਤ ਲੋਕਾਂ ਦਾ ਦਿਲ ਜਿੱਤਣ ਵਿੱਚ ਕਾਮਯਾਬ ਹੋਣਗੇ। ਆਗੂਆਂ ਨੇ ਕਿਹਾ ਕਿ ਅਸੀਂ ਜਿੱਥੇ ਐਡਵੋਕੇਟ ਹਰਪਾਲ ਸਿੰਘ ਚੀਮਾ ਨੂੰ ਮੁਬਾਰਕਬਾਦ ਦਿੰਦੇ ਹਾਂ ਉੱਥੇ ਹੀ ਕੇਂਦਰੀ ਹਾਈ ਕਮਾਂਡ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਵੀ ਕਰਦੇ ਹਾਂ ਜਿਨਾਂ ਨੇ ਪਾਰਟੀ ਪ੍ਰਤੀ ਸੇਵਾ ਭਾਵਨਾ ਨੂੰ ਦੇਖਦਿਆਂ ਹੋਇਆਂ ਉਹਨਾਂ ਟਰਾਂਸਪੋਰਟ ਵਿਭਾਗ ਵਿੱਚ ਸੇਵਾ ਕਰਨ ਦਾ ਮੌਕਾ ਦਿੱਤਾ ਹੈ।



# ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ ਵਾਲਿਆਂ ਦੇ ਪਿਤਾ ਜਥੇਦਾਰ ਪਾਲ ਸਿੰਘ ਗੁਰੂ ਚਰਨਾਂ ਵਿੱਚ ਜਾ ਬਿਰਾਜੇ

**ਚੌਕ ਮਹਿਤਾ, 25 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)**- ਗੁਰਦੁਆਰਾ ਟਾਹਲਾ ਸਾਹਿਬ ਨਹਿਰ ਪੁਲ ਤਰਸਿੱਕਾ ਵਾਲਿਆਂ ਦੇ ਸਤਿਕਾਰ ਯੋਗ ਪਿਤਾ ਜਥੇਦਾਰ ਪਾਲ ਸਿੰਘ ਜੀ ਆਪਣੇ ਸੁਆਸਾਂ ਦੀ ਪੂੰਜੀ ਨੂੰ ਪੂਰੇ ਕਰਦੇ ਹੋਏ ਗੁਰੂ ਸਾਹਿਬ ਜੀ ਦੇ ਚਰਨਾਂ ਵਿਚ ਜਾ ਬਿਰਾਜੇ ਹਨ। ਜਥੇਦਾਰ ਪਾਲ ਸਿੰਘ ਜੀ ਸੰਖੇਪ ਬਿਮਾਰੀ ਕਾਰਨ ਉਨ੍ਹਾਂ ਦਾ ਦੇਹਾਂਤ ਹੋ ਗਿਆ। ਜਥੇਦਾਰ ਪਾਲ ਸਿੰਘ ਜੀ ਉਮਰ ਤਕਰੀਬਨ 65 ਸਾਲ ਦੀ ਸੀ। ਉਹ ਬਹੁਤ ਨਿਤਨੇਮੀ ਅਤੇ ਵਾਹਿਗੁਰੂ ਜੀ ਸਿਮਰਨ ਕਰਨ ਵਾਲੇ ਸਨ । ਉਨ੍ਹਾਂ ਦੇ ਸਪੁੱਤਰ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ ਵਾਲਿਆਂ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦੇ ਇਲਾਕੇ ਦੇ ਸੰਤਾਂ, ਮਹਾਪੁਰਸ਼ਾਂ, ਨਿਹੰਗ ਸਿੰਘ ਜਥੇਬੰਦੀਆਂ, ਸਮਾਜ ਸੇਵੀ, ਧਾਰਮਿਕ, ਰਾਜਨੀਤਕ ਅਤੇ ਬਹੁਤ ਗਿਣਤੀ ਵਿੱਚ ਇਲਾਕੇ ਦੀਆਂ ਅਤੇ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੇ ਵਿੱਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।



ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ ਬੋਪਾਰਾਏ, ਸੰਤ ਬਾਬਾ ਸਰਦਾਰਾ ਸਿੰਘ ਕਾਰ ਸੇਵਾ ਮੱਖਣਵਿੰਡੀ, ਸੰਤ ਬਾਬਾ ਗੁਰਦੀਪ ਸਿੰਘ ਖੁਜਾਲਾ, ਸੰਤ ਬਾਬਾ ਮਲਕੀਤ ਸਿੰਘ ਜੱਬੋਵਾਲ, ਸੰਤ ਬਾਬਾ ਗੁਰਦੇਵ ਸਿੰਘ ਤਰਸਿੱਕਾ, ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ, ਸੰਤ ਬਾਬਾ ਮਨਮੋਹਨ ਸਿੰਘ ਭੰਗਾਲੀ, ਸੰਤ ਬਾਬਾ ਸੁੱਖਾ ਸਿੰਘ ਜੋਤੀਸਰ ਜੰਡਿਆਲਾ ਗੁਰੂ, ਸੰਤ ਬਾਬਾ ਬੀਰ ਸਿੰਘ ਭੰਗਾਲੀ, ਸੰਤ ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ, ਸੰਤ ਬਾਬਾ ਮੇਜਰ ਸਿੰਘ ਟਾਹਲੀ ਸਾਹਿਬ, ਸੰਤ ਬਾਬਾ ਗੁਰਦਿਆਲ ਸਿੰਘ ਕਾਲੇਕੇ, ਬਾਬਾ ਸੁਖਵੰਤ ਸਿੰਘ ਚੰਨਣਕੇ, ਗਿਆਨੀ ਤੇਜਬੀਰ ਸਿੰਘ ਭਲਾਈਪੁਰ ਕਨੇਡਾ, ਆਦਿ ਸੰਗਤਾਂ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ ਵਿੱਛੜੀ ਰੂਹ ਦੇ ਨਮਿੱਤ ਅਰਦਾਸ ਬੇਨਤੀ ਕੀਤੀ।

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਨੇ ਬੱਚਿਆਂ ਨੂੰ ਕੀਤਾ ਸਨਮਾਨਿਤ




**ਫ਼ਿਰੋਜ਼ਪੁਰ, 25 ਮਾਰਚ (ਮਨੋਹਰ ਲਾਲ) :**— ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਦੇ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਨਿਗਰਾਨੀ ਹੇਠ ਚਲਾਇਆ ਜਾਂਦਾ ਹੈ। ਹਾਲ ਹੀ ਵਿੱਚ ਸਕੂਲ ਵਿੱਚ ਵਿਦਿਆਰਥੀਆਂ ਲਈ ਸਿਲਵਰ ਜ਼ੋਨ ਓਲੰਪੀਆਡ 2025 ਦੀਆਂ ਪ੍ਰੀਖਿਆਵਾਂ ਕਰਵਾਈਆਂ ਗਈਆਂ। ਓਲੰਪੀਆਡ ਪ੍ਰੀਖਿਆਵਾਂ ਰੀਜਨਿੰਗ, ਗਣਿਤ, ਅੰਗਰੇਜ਼ੀ, ਹਿੰਦੀ ਜਨਰਲ ਗਿਆਨ ਅਤੇ ਵਿਗਿਆਨ ਵਰਗੇ ਵਿਸ਼ਿਆਂ ਤੇ ਅਧਾਰਿਤ ਸਨ। ਸਕੂਲ ਦੇ ਵਿਦਿਆਰਥੀਆਂ ਨੇ ਇਨ੍ਹਾਂ ਪ੍ਰੀਖਿਆਵਾਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਇਨ੍ਹਾਂ ਪ੍ਰੀਖਿਆਵਾਂ ਦਾ ਉਦੇਸ਼ ਵਿਦਿਆਰਥੀਆਂ ਦੀ ਪ੍ਰਤਿਭਾ ਅਤੇ ਯੋਗਤਾਵਾਂ ਦੀ ਪਛਾਣ ਕਰਨਾ ਅਤੇ ਉਨ੍ਹਾਂ ਨੂੰ ਉਤਸ਼ਾਹਿਤ ਕਰਨਾ ਸੀ। ਇਨ੍ਹਾਂ ਪ੍ਰੀਖਿਆਵਾਂ ਰਾਹੀਂ ਵਿਦਿਆਰਥੀਆਂ ਨੂੰ ਵਿਸ਼ਵ ਪੱਧਰ ਤੇ ਆਪਣੀਆਂ ਬੌਧਿਕ ਯੋਗਤਾਵਾਂ ਦਾ ਪ੍ਰਦਰਸ਼ਨ ਕਰਨ ਦਾ ਮੌਕਾ ਮਿਲਦਾ ਹੈ। ਇਨ੍ਹਾਂ ਪ੍ਰੀਖਿਆਵਾਂ ਵਿੱਚ ਪਹਿਲੀ ਜਮਾਤ ਦੀ ਵਿਦਿਆਰਥਣ ਅਹਾਨਾ ਨੇ ਆਪਣੀ ਜਮਾਤ ਵਿੱਚੋਂ ਰਾਜ ਪੱਧਰ ਅਤੇ ਜ਼ੋਨਲ ਪੱਧਰ ਤੇ ਅੰਗਰੇਜ਼ੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਓਲੰਪੀਆਡ ਵਿੱਚ ਵੀ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਲਈ ਉਸ ਨੂੰ ਸੋਨੇ ਦਾ ਤਗਮਾ ਦਿੱਤਾ ਗਿਆ। ਇਸੇ ਤਰ੍ਹਾਂ ਪਹਿਲੀ ਜਮਾਤ ਦੇ ਉਦੈ ਪਾਲ ਨੇ ਆਪਣੀ ਜਮਾਤ ਵਿੱਚੋਂ ਅੰਗਰੇਜ਼ੀ ਵਿੱਚ ਦੂਜਾ ਸਥਾਨ, ਰਾਜ ਪੱਧਰ ਤੇ ਪਹਿਲਾ ਸਥਾਨ, ਜ਼ੋਨਲ ਪੱਧਰ ਤੇ ਪਹਿਲਾ ਸਥਾਨ ਅਤੇ ਓਲੰਪੀਆਡ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਲਈ ਉਸ ਨੂੰ ਚਾਂਦੀ ਦਾ ਤਗਮਾ ਦਿੱਤਾ ਗਿਆ। ਬੱਚਿਆਂ ਨੇ ਅੰਗਰੇਜ਼ੀ, ਹਿੰਦੀ, ਸਮਾਜਿਕ ਵਿਗਿਆਨ, ਵਿਗਿਆਨ, ਜਨਰਲ ਗਿਆਨ, ਰੀਜਨਿੰਗ ਅਤੇ ਗਣਿਤ ਸਮੇਤ ਹੋਰ ਸਾਰੇ ਵਿਸ਼ਿਆਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਅਤੇ ਪ੍ਰਬੰਧਨ ਕਮੇਟੀ ਦੇ ਮੈਂਬਰ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਨੇ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਆਪਣੀ ਤਰੱਕੀ ਜਾਰੀ ਰੱਖਣ ਲਈ ਉਤਸ਼ਾਹਿਤ ਕੀਤਾ।

# ਸੁਪਰੀਮ ਕੋਰਟ ਵੱਲੋਂ ਈਸਾਈ ਬਣਨ 'ਤੇ ਐਸ ਸੀ ਲਾਭ ਮਿਲਣ 'ਤੇ ਲਗਾਈ ਰੋਕ ਸਵਾਗਤਯੋਗ: ਦਿੱਲੀ ਗੁਰਦੁਆਰਾ ਕਮੇਟੀ

### ਅਦਾਲਤੀ ਹੁਕਮਾਂ ਮਗਰੋਂ ਧਰਮ ਪਰਿਵਰਤਨ ਦੀਆਂ ਘਟਨਾਵਾਂ ਨੂੰ ਠੱਲ੍ਹ ਪੈਣ ਦੀ ਉਮੀਦ



**ਨਵੀਂ ਦਿੱਲੀ, 25 ਮਾਰਚ (ਮਨਪ੍ਰੀਤ ਸਿੰਘ ਖਾਲਸਾ):** ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੁਪਰੀਮ ਕੋਰਟ ਵੱਲੋਂ ਈਸਾਈ ਬਣਨ 'ਤੇ ਐਸ ਸੀ ਸਹੂਲਤਾਂ ਮਿਲਣ 'ਤੇ ਲਗਾਈ ਰੋਕ ਦੇ ਫੈਸਲੇ ਦਾ ਸਵਾਗਤ ਕੀਤਾ ਹੈ ਅਤੇ ਕਿਹਾ ਹੈ ਕਿ ਇਸ ਨਾਲ ਧਰਮ ਪਰਿਵਰਤਨ ਨੂੰ ਖਾਸ ਤੌਰ 'ਤੇ ਪੰਜਾਬ ਵਿਚ ਧਰਮ ਪਰਿਵਰਤਨ ਨੂੰ ਠੱਲ੍ਹ ਪੈਣ ਵਿਚ ਮਦਦ ਮਿਲੇਗੀ। ਮੀਡੀਆ ਨਾਲ ਗੱਲਬਾਤ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਸੁਪਰੀਮ ਕੋਰਟ ਦਾ ਇਹ ਫੈਸਲਾ ਬਹੁਤ ਹੀ ਸਵਾਗਤਯੋਗ ਹੈ ਕਿ ਅਨੁਸੂਚਿਤ ਜਾਤੀਆਂ (ਐਸ ਸੀ) ਵਰਗ ਦੀਆਂ ਸਹੂਲਤਾਂ ਸਿਰਫ ਹਿੰਦੂ, ਸਿੱਖ ਤੇ ਬੁੱਧ ਧਰਮਰ ਦੇ ਲੋਕਾਂ ਨੂੰ ਮਿਲਣਗੀਆਂ ਅਤੇ ਜੇਕਰ ਕੋਈ ਈਸਾਈ ਬਣਦਾ ਹੈ ਤਾਂ ਫਿਰ ਇਹ ਐਸ ਸੀ ਵਰਗ ਨੂੰ ਮਿਲਦੀਆਂ ਸਹੂਲਤਾਂ ਨਹੀਂ ਲੈ ਸਕੇਗਾ ਉਹਨਾਂ ਕਿਹਾ ਕਿ ਪੰਜਾਬ ਵਿਚ ਲਾਲਚ ਦੇ ਕੇ ਲੋਕਾਂ ਦਾ ਧਰਮ ਪਰਿਵਰਤਨ ਕਰ ਕੇ ਉਹਨਾਂ ਨੂੰ ਈਸਾਈ ਬਣਾਇਆ ਜਾ ਰਿਹਾ ਸੀ ਤੇ ਇਹ ਮੁੱਦਾ ਦਿੱਲੀ ਗੁਰਦੁਆਰਾ ਕਮੇਟੀ ਨੇ ਅਨੇਕਾਂ ਵਾਰ ਪੂਰੇ ਜ਼ੋਰ ਸ਼ੋਰ ਨਾਲ ਚੁੱਕਿਆ ਹੈ ਤੇ ਅਸੀਂ 2000 ਦੇ ਕਰੀਬ ਲੋਕਾਂ ਦੀ ਮੁੜ ਵਾਪਸੀ ਸਿੱਖ ਧਰਮ ਵਿਚ ਕਰਵਾਈ ਵੀ ਹੈ। ਉਹਨਾਂ ਕਿਹਾ ਕਿ ਹੁਣ ਜਦੋਂ ਸੁਪਰੀਮ ਕੋਰਟ ਦਾ ਇਹ ਫੈਸਲਾ ਆਇਆ ਹੈ ਤਾਂ ਪੂਰੀ ਆਸ ਹੈ ਕਿ ਇਸ ਨਾਲ ਧਰਮ ਪਰਿਵਰਤਨ ਦੀ ਮੁਹਿੰਮ ਨੂੰ ਖਾਸ ਤੌਰ 'ਤੇ ਪੰਜਾਬ ਵਿਚ ਠੱਲ੍ਹ ਪਵੇਗੀ ਅਤੇ ਲੋਕ ਹੁਣ ਇਹ ਸਮਝ ਲੈਣਗੇ ਕਿ ਲਾਲਚ ਵਿਚ ਆ ਕੇ ਜੇਕਰ ਈਸਾਈ ਧਰਮ ਅਪਣਾਇਆ ਤਾਂ ਐਸ ਸੀ ਵਰਗ ਨੂੰ ਮਿਲਦੀਆਂ ਸਹੂਲਤਾਂ ਤੋਂ ਵਾਂਝੇ ਹੋ ਜਾਣਗੇ। ਉਹਨਾਂ ਕਿਹਾ ਕਿ ਐਸ ਸੀ ਵਰਗ ਦੇ ਬੱਚਿਆਂ ਨੂੰ ਨੌਕਰੀਆਂ ਵਿਚ ਰਾਖਵਾਂਕਰਨ, ਸਿੱਖਿਆ ਵਿਚ ਰਾਖਵਾਂਕਰਨ ਤੇ ਹੋਰ ਸਹੂਲਤਾਂ ਮਿਲਦੀਆਂ ਹਨ ਅਤੇ ਜੇਕਰ ਕੋਈ ਈਸਾਈ ਬਣਦਾ ਹੈ ਤਾਂ ਇਹਨਾਂ ਸਹੂਲਤਾਂ ਤੋਂ ਵਾਂਝਾ ਹੋ ਜਾਵੇਗਾ। ਉਹਨਾਂ ਨੇ ਕੇਂਦਰ ਸਰਕਾਰ ਅਤੇ ਸੂਬਿਆਂ ਦੀਆਂ ਸਰਕਾਰਾਂ ਨੂੰ ਇਹ ਅਪੀਲ ਵੀ ਕੀਤੀ ਕਿ ਸੁਪਰੀਮ ਕੋਰਟ ਦੇ ਇਸ ਹੁਕਮ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾਵੇ ਤਾਂ ਜੋ ਧਰਮ ਪਰਿਵਰਤਨ ਦੀ ਮੁਹਿੰਮ ਨੂੰ ਠੱਲ੍ਹ ਪਾਈ ਜਾ ਸਕੇ।

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿਖੇ

# ਅੱਗ ਬਾਰੇ ਜਾਗਰੂਕਤਾ ਸੈਮੀਨਾਰ ਆਯੋਜਿਤ



**ਤਲਵੰਡੀ ਸਾਬੋ, 25 ਮਾਰਚ (ਗੁਰਜੰਟ ਸਿੰਘ ਨਥੇਹਾ)**- ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿਖੇ ਸਕੂਲ ਦੇ ਸਟਾਫ ਨੂੰ ਅੱਗ ਤੋਂ ਬਚਾਅ ਅਤੇ ਸੁਰੱਖਿਆ ਸੰਬੰਧੀ ਜਾਗਰੂਕ ਕਰਨ ਲਈ ਇੱਕ ਵਿਸਥਾਰਪੂਰਵਕ ਸੈਮੀਨਾਰ ਆਯੋਜਿਤ ਕੀਤਾ ਗਿਆ। ਇਸ ਸੈਮੀਨਾਰ ਵਿੱਚ ਫਾਇਰ ਬ੍ਰਿਗੇਡ ਵਿਭਾਗ ਦੇ ਤਜਰਬੇਕਾਰ ਅਫ਼ਸਰ ਸ. ਕੁਲਦੀਪ ਸਿੰਘ ਜੀ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਦਿੱਤਾ ਗਿਆ, ਜਿਨ੍ਹਾਂ ਨੇ ਅਧਿਆਪਕਾਂ ਨੂੰ ਅੱਗ ਨਾਲ ਜੁੜੀਆਂ ਸਾਰੀਆਂ ਜ਼ਰੂਰੀ ਜਾਣਕਾਰੀਆਂ ਬਹੁਤ ਹੀ ਸਧਾਰਣ ਢੰਗ ਨਾਲ ਦਿੱਤੀਆਂ। ਸੈਮੀਨਾਰ ਦੀ ਸ਼ੁਰੂਆਤ ਵਿੱਚ ਅੱਗ ਲੱਗਣ ਦੇ ਮੁੱਖ ਕਾਰਨਾਂ ਬਾਰੇ ਦੱਸਿਆ ਗਿਆ, ਜਿਵੇਂ ਕਿ ਬਿਜਲੀ ਦੇ ਸ਼ਾਰਟ ਸਰਕਟ, ਗੈਸ ਲੀਕੇਜ, ਲਾਪਰਵਾਹੀ ਨਾਲ ਜਲਦੀ ਚੀਜ਼ਾਂ ਦੀ ਵਰਤੋਂ ਅਤੇ ਜੰਗਲੀ ਅੱਗ ਆਦਿ। ਇਸ ਤੋਂ ਬਾਅਦ ਅਧਿਆਪਕਾਂ ਨੂੰ ਅੱਗ ਤੋਂ ਬਚਾਅ ਲਈ ਲੈਣ ਵਾਲੀਆਂ ਸਾਵਧਾਨੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ, ਜਿਸ ਵਿੱਚ ਘਰ ਅਤੇ ਸਕੂਲ ਵਿੱਚ ਸੁਰੱਖਿਆ ਉਪਕਰਣਾਂ ਦੀ ਸਹੀ ਵਰਤੋਂ, ਬਿਜਲੀ ਦੇ ਸਾਧਨਾਂ ਦੀ ਸੰਭਾਲ ਅਤੇ ਐਮਰਜੈਂਸੀ ਸਥਿਤੀਆਂ ਵਿੱਚ ਸ਼ਾਂਤ ਰਹਿਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਗਿਆ। ਫਾਇਰ ਬ੍ਰਿਗੇਡ ਦੇ ਅਧਿਕਾਰੀਆਂ ਵੱਲੋਂ ਫਾਇਰ ਐਕਸਟਿੰਗੁਇਸ਼ਰ (ਅੱਗ ਬੁਝਾਉਣ ਵਾਲੇ ਸਿਲੰਡਰਾਂ) ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਵੱਖ-ਵੱਖ ਕਿਸਮਾਂ ਦੇ ਸਿਲੰਡਰਾਂ ਜਿਵੇਂ ਕਿ ਵਾਟਰ ਟਾਈਪ, ਫੋਮ ਟਾਈਪ, ਕਾਰਬਨ ਡਾਈਆਕਸਾਈਡ ਅਤੇ ਡ੍ਰਾਈ ਕੇਮਿਕਲ ਪਾਊਡਰ ਸਿਲੰਡਰਾਂ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਰ ਕਿਸਮ ਦਾ ਸਿਲੰਡਰ ਕਿਸ ਤਰ੍ਹਾਂ ਦੀ ਅੱਗ ਲਈ ਵਰਤਿਆ ਜਾਂਦਾ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ "PASS" ਤਰੀਕੇ (Pull, Aim, Squeeze, Sweep) ਬਾਰੇ ਵੀ ਸਮਝਾਇਆ, ਜਿਸ ਰਾਹੀਂ ਸਿਲੰਡਰ ਨੂੰ ਸਹੀ ਢੰਗ ਨਾਲ ਵਰਤਿਆ ਜਾ ਸਕਦਾ ਹੈ। ਸੈਮੀਨਾਰ ਦੌਰਾਨ ਇੱਕ ਲਾਈਵ ਡੈਮੋ ਵੀ ਦਿੱਤਾ ਗਿਆ, ਜਿਸ ਵਿੱਚ ਅਧਿਆਪਕਾਂ ਨੂੰ ਅੱਗ ਬੁਝਾਉਣ ਦੇ ਤਰੀਕੇ ਪ੍ਰੈਕਟਿਕਲ ਤੌਰ 'ਤੇ ਦਿਖਾਏ ਗਏ। ਇਸ ਡੈਮੋ ਨੇ ਸਾਰਿਆਂ ਵਿੱਚ ਉਤਸ਼ਾਹ ਪੈਦਾ ਕੀਤਾ ਅਤੇ ਉਹਨਾਂ ਨੇ ਬੜੀ ਰੁਚੀ ਨਾਲ ਇਸ ਵਿੱਚ ਭਾਗ ਲਿਆ। ਸਕੂਲ ਦੇ ਪ੍ਰਿੰਸੀਪਲ ਮੈਡਮ ਮੀਨੂੰ ਗਰਗ ਜੀ, ਸਕੂਲ ਦੇ ਚੇਅਰਮੈਨ ਸ੍ਰੀ ਵਿਨੋਦ ਖੁਰਾਣਾ ਅਤੇ ਸਕੂਲ ਦੇ ਪ੍ਰਧਾਨ ਸ੍ਰੀ ਲਗਨ ਖੁਰਾਣਾ ਜੀ ਨੇ ਕਿਹਾ ਕਿ ਇਸ ਤਰ੍ਹਾਂ ਦੇ ਜਾਗਰੂਕਤਾ ਪ੍ਰੋਗਰਾਮ ਸਾਡੇ ਸਾਰਿਆਂ ਦੇ ਸਮੁੱਚੇ ਵਿਕਾਸ ਲਈ ਬਹੁਤ ਲਾਭਦਾਇਕ ਹੁੰਦੇ ਹਨ ਅਤੇ ਇਹ ਉਨ੍ਹਾਂ ਨੂੰ ਸੰਕਟਮਈ ਸਥਿਤੀਆਂ ਵਿੱਚ ਸਹੀ ਫੈਸਲੇ ਲੈਣ ਲਈ ਤਿਆਰ ਕਰਦੇ ਹਨ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਸਕੂਲ ਵਿੱਚ ਸਮੇਂ-ਸਮੇਂ 'ਤੇ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਵਾਏ ਜਾਂਦੇ ਰਹਿਣਗੇ ਤਾਂ ਜੋ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਮੌਕੇ ਤੇ ਸਕੂਲ ਮੁਖੀ ਸ੍ਰੀ ਵਿਨੋਦ ਖੁਰਾਣਾ, ਸਕੂਲ ਪਧਾਨ ਸ੍ਰੀ ਲਗਨ ਖੁਰਾਣਾ, ਪ੍ਰਿੰਸੀਪਲ ਮੈਡਮ ਮੀਨੂੰ ਗਰਗ, ਸੀਨੀਅਰ ਕੋਆਰਡੀਨੇਟਰ ਮੈਡਮ ਬੇਅੰਤ ਕੌਰ, ਜੂਨੀਅਰ ਕੋਆਰਡੀਨੇਟਰ ਮੈਡਮ ਕਿਰਨਦੀਪ ਕੌਰ, ਪਰਮਿੰਦਰ ਕੌਰ, ਇੰਦਰਜੀਤ ਸਿੰਘ, ਲਵਪ੍ਰੀਤ ਸਿੰਘ, ਸੰਦੀਪ ਸਿੰਘ, ਰਿਪਤਾ, ਕਰਮਜੀਤ ਕੌਰ, ਕੁਲਵਿੰਦਰ ਕੌਰ, ਅਨੂ ਬਾਲਾ, ਜਸਪ੍ਰੀਤ ਕੌਰ, ਜਤਿੰਦਰ ਕੌਰ, ਗੁਰਪ੍ਰੀਤ ਕੌਰ, ਰਣਦੀਪ ਕੌਰ, ਸਿੰਪਲ ਰਾਣੀ, ਕਿਰਨਦੀਪ ਕੌਰ, ਰਮਨਦੀਪ ਕੌਰ, ਡਿੰਪਲ, ਮੇਘਾ ਅਤੇ ਸਕੂਲ ਸਟਾਫ ਹਾਜ਼ਰ ਸੀ।

ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ

# ਪਿੰਡ ਆਦੋਵਾਲੀ ਵਿਖੇ ਬਣ ਰਹੀ ਸੜਕ ਦਾ ਨਿਰੀਖਣ ਕੀਤਾ



**ਜੰਡਿਆਲਾ, 25 ਮਾਰਚ ( ਕੁਲਵੰਤ ਸਿੰਘ ਵਿਰਦੀ )** - ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਧੀਨ ਪੈਂਦੇ ਪਿੰਡ ਆਦੋਵਾਲੀ ਵਿਖੇ ਨੈਸ਼ਨਲ ਹਾਈਵੇਅ 503-ਏ ਤੋਂ ਆਦੋਵਾਲੀ ਸੂਏ ਦੇ ਨਾਲ-ਨਾਲ ਪਿੰਡ ਉਦੋਨੰਗਲ ਤੱਕ ਜਾਂਦੀ ਸੜਕ ਨੂੰ ਬਣਾਉਣ ਦਾ ਕੰਮ ਦਾ ਮੌਕੇ 'ਤੇ ਜਾ ਕੇ ਨਿਰੀਖਣ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ 800 ਮੀਟਰ ਲੰਮੀ ਇਸ ਸੜਕ ਨੂੰ ਬਣਾਉਣ ਉੱਪਰ 21.28 ਲੱਖ ਰੁਪਏ ਖਰਚ ਕੀਤੇ ਜਾ ਰਹੇ ਹਨ ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਸੂਬੇ ਭਰ ਵਿੱਚ ਨਵੀਆਂ ਸੜਕਾਂ ਬਣਾਉਣ ਦਾ ਕੰਮ ਵੱਡੀ ਪੱਧਰ 'ਤੇ ਚੱਲ ਰਿਹਾ ਹੈ ਅਤੇ 45,000 ਕਿਲੋਮੀਟਰ ਸੜਕਾਂ ਨਵੀਆਂ ਬਣਾਉਣ ਦੇ ਨਾਲ ਪੁਰਾਣੀਆਂ ਨੂੰ ਮਜ਼ਬੂਤ ਤੇ ਚੌੜਿਆਂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਜ ਉਨ੍ਹਾਂ ਨੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਆਦੋਵਾਲੀ ਵਿਖੇ ਬਣ ਰਹੀ ਸੜਕ ਦਾ ਨਿਰੀਖਣ ਕੀਤਾ ਹੈ ਅਤੇ ਇਹ ਸੜਕ ਬਹੁਤ ਵਧੀਆ ਢੰਗ ਨਾਲ ਬਣ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੜਕ ਬਣਾਉਣ ਵਾਲੇ ਠੇਕੇਦਾਰ ਨੂੰ 5 ਸਾਲ ਤੱਕ ਉਸ ਸੜਕ ਦੀ ਦੇਖਰੇਖ ਦੀ ਜ਼ਿੰਮੇਵਾਰੀ ਵੀ ਦਿੱਤੀ ਜਾਂਦੀ ਹੈ ਅਤੇ ਜੇਕਰ ਸਮੇਂ ਤੋਂ ਪਹਿਲਾਂ ਇਹ ਸੜਕ ਟੁੱਟੇਗੀ ਤਾਂ ਉਸ ਨੂੰ ਠੇਕੇਦਾਰ ਵੱਲੋਂ ਬਣਾਇਆ ਜਾਵੇਗਾ। ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਸੂਬਾ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੇ ਪਿੰਡ ਜਾਂ ਆਸ-ਪਾਸ ਕੋਈ ਸੜਕ ਬਣ ਰਹੀ ਹੈ ਤਾਂ ਉਹ ਇਸ ਦੀ ਕੁਆਲਟੀ ਦਾ ਜ਼ਰੂਰ ਧਿਆਨ ਰੱਖਣ। ਜੇਕਰ ਕਿਸੇ ਨੂੰ ਸੜਕ ਦੀ ਗੁਣਵਤਾ ਵਿੱਚ ਕੋਈ ਕਮੀਂ ਲੱਗੇ ਤਾਂ ਉਹ ਤੁਰੰਤ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਜਾਂ ਆਪਣੇ ਵਿਧਾਇਕ ਦੇ ਧਿਆਨ ਵਿੱਚ ਲਿਆ ਸਕਦੇ ਹਨ। ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਪਹਿਲਾਂ ਹੀ ਸੜਕਾਂ ਦੀ ਗੁਣਵਤਾ ਨੂੰ ਚੈੱਕ ਕਰਨ ਲਈ ਫਲਾਇੰਗ ਸੁਕੈਅਡ ਗਠਿਤ ਕੀਤਾ ਗਿਆ ਹੈ ਜੋ ਸਮੇਂ-ਸਮੇਂ ਸੜਕਾਂ ਦੀ ਕੁਆਲਟੀ ਚੈੱਕ ਕਰਦਾ ਹੈ। ਇਸ ਤੋਂ ਇਲਾਵਾ ਲੋਕ ਨਿਰਮਾਣ ਵਿਭਾਗ ਵੱਲੋਂ ਵੀ ਵਿਭਾਗੀ ਤੌਰ 'ਤੇ ਅਜਿਹੀ ਇੱਕ ਕਮੇਟੀ ਦਾ ਗਠਨ ਕੀਤਾ ਗਿਆ ਹੈ। ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ ਸੂਬਾ ਸਰਕਾਰ ਨੇ ਰਵਾਇਤੀ ਪਾਰਟੀਆਂ ਦੇ 70 ਸਾਲਾਂ ਦੇ ਕਾਰਜਕਾਲ ਨਾਲੋਂ ਵੱਧ ਕੰਮ ਕੀਤਾ ਹੈ। ਸੂਬਾ ਸਰਕਾਰ ਤੇਜ਼ ਗਤੀ ਨਾਲ ਅੱਗੇ ਵਧ ਰਹੀ ਹੈ ਅਤੇ ਸਾਲ 2026 ਵਿੱਚ ਸੂਬਾ ਇਸ ਵਿਕਾਸ ਨੂੰ ਅਗਲੇ ਪੱਧਰ 'ਤੇ ਲੈ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਵਿਕਾਸ ਆਮ ਆਦਮੀ ਦੀ ਭਲਾਈ ਨੂੰ ਯਕੀਨੀ ਬਣਾਉਣ ਦੇ ਉਦੇਸ ਨਾਲ ਕਈ ਲੋਕ-ਪੱਖੀ ਨੀਤੀਆਂ ਨਾਲ ਜੁੜਿਆ ਹੋਇਆ ਹੈ।

**ਸੂਬੇ ਭਰ ਵਿੱਚ 45,000 ਕਿਲੋਮੀਟਰ ਸੜਕਾਂ ਨਵੀਆਂ ਬਣਾਉਣ ਦੇ ਨਾਲ ਪੁਰਾਣੀਆਂ ਨੂੰ ਮਜ਼ਬੂਤ ਤੇ ਚੌੜਿਆਂ ਕੀਤਾ ਜਾ ਰਿਹਾ - ਹਰਭਜਨ ਸਿੰਘ ਈਟੀਓ**

# ਸ਼੍ਰੀ ਰਾਮਨੋਮੀ ਨੂੰ ਸਮਰਪਿਤ ਵਿਸ਼ਾਲ ਸੋਭਾ ਯਾਤਰਾ ਦੌਰਾਨ ਪੁਲਿਸ ਦੀ ਗੈਰਹਾਜਰੀ ਨਿਰਾਸ਼ਾਜਨਕ :- ਡੈਨੀ ਬੰਡਾਲਾ



**ਜੰਡਿਆਲਾ ਗੁਰੂ 25 ਮਾਰਚ ( ਕੁਲਵੰਤ ਸਿੰਘ ਵਿਰਦੀ )** :- ਅੱਜ ਜੰਡਿਆਲਾ ਗੁਰੂ ਸ਼੍ਰੀ ਰਾਮ ਨੋਮੀ ਉਤਸਵ ਕਮੇਟੀ ਵਲੋ ਮੰਦਿਰ ਡਾਲੀਆਨਾ ਸਾਹਿਬ ਤੋਂ ਇਕ ਵਿਸ਼ਾਲ ਸੋਭਾ ਯਾਤਰਾ ਕੱਢੀ ਗਈ ਜਿਸ ਵਿੱਚ ਵੱਖ ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਵਿਚ ਸ਼ਹਿਰ ਵਾਸੀਆਂ ਨੇ ਹਿੱਸਾ ਲਿਆ । ਇਸ ਮੌਕੇ ਸ਼ੋਭਾ ਯਾਤਰਾ ਵਿਚ ਪਹੁੰਚੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਇਸ ਵਿਸ਼ਾਲ ਸੋਭਾ ਯਾਤਰਾ ਸਬੰਧੀ ਸ਼੍ਰੀ ਰਾਮਨੋਮੀ ਉਤਸਵ ਕਮੇਟੀ ਵਲੋ ਪੁਲਿਸ ਪ੍ਰਸ਼ਾਸ਼ਨ ਨੂੰ ਇਕ ਬੇਨਤੀ ਪੱਤਰ ਦਿੱਤਾ ਗਿਆ ਸੀ ਕਿ ਸ਼ੋਭਾ ਯਾਤਰਾ ਨੂੰ ਮੁੱਖ ਰੱਖਦੇ ਹੋਏ ਸ਼ਹਿਰ ਵਿਚ ਟਰੈਫਿਕ ਦੀ ਸਮੱਸਿਆ ਅਤੇ ਆਏ ਹੋਏ ਮਹਿਮਾਨਾਂ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਪੁਲਿਸ ਮੁਲਾਜਮਾਂ ਦੀ ਡਿਊਟੀ ਲਗਾਈ ਜਾਵੇ । ਡੈਨੀ ਬੰਡਾਲਾ ਨੇ ਕਿਹਾ ਕਿ ਬੇਹੱਦ ਦੁੱਖ ਹੋਇਆ ਕਿ ਸ਼ਹਿਰ ਵਾਸੀਆਂ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਸ਼ਹਿਰ ਵਿਚ ਕਿਧਰੇ ਵੀ ਕੋਈ ਪੁਲਿਸ ਕਰਮਚਾਰੀ ਜਾਂ ਸੀਨੀਅਰ ਅਧਿਕਾਰੀ ਦਿਖਾਈ ਨਹੀਂ ਦਿੱਤਾ । ਓਹਨਾਂ ਕਿਹਾ ਕਿ ਪਹਿਲਾਂ ਹੀ ਸ਼ਹਿਰ ਵਿਚ ਹੋ ਰਹੇ ਕਤਲੇਆਮ ਕਾਰਣ ਸ਼ਹਿਰ ਵਿਚ ਦਹਿਸ਼ਤ ਦਾ ਮਾਹੌਲ ਹੈ । ਸ਼ੋਭਾ ਯਾਤਰਾ ਦੌਰਾਨ ਪੁਲਿਸ ਦੀ ਗੈਰ ਹਾਜਰੀ ਸਬੰਧੀ ਕਮੇਟੀ ਦੇ ਪਰਬੰਧਕਾਂ ਵਲੋ ਸ਼ੋਸ਼ਲ ਮੀਡੀਆ ਤੇ ਪੋਸਟ ਪਾਕੇ ਵੀ ਆਪਣੇ ਗੁੱਸੇ ਦਾ ਇਜਹਾਰ ਕੀਤਾ ਗਿਆ। ਇਥੇ ਇਹ ਦੱਸਣਯੋਗ ਹੈ ਕਿ ਇਸ ਸ਼ੋਭਾ ਯਾਤਰਾ ਹਲਕੇ ਦੇ ਵਿਧਾਇਕ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦਾ ਪੂਰਾ ਪਰਿਵਾਰ ਅਤੇ ਹੋਰ ਸਾਰੇ ਅਹੁਦੇਦਾਰ ਵੀ ਸ਼ਾਮਿਲ ਸਨ ।

# ਬੇਅਦਬੀਆਂ ਦੇ ਮਾਮਲੇ ਦਿਨੋ ਦਿਨ ਵੱਧ ਰਹੇ ਹਨ, ਦੋਸ਼ੀਆਂ ਨੂੰ ਹੋਵੇ ਫਾਂਸੀ ਦੀ ਸਜਾ - ਸਲੇਮਪੁਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਖੰਨਾ ਦੇ ਆਨੰਦ ਨਗਰ 'ਚ ਤਿੰਨ ਬੱਚਿਆ ਵੱਲੋਂ ਗੁਟਕਾ ਸਾਹਿਬ ਜੀ ਦੀ ਕੀਤੀ ਬੇਅਦਬੀ ਦਾ ਮਾਮਲਾ ਸਾਹਮਣੇ ਆਇਆ ਹੈ ਜਿੱਥੇ ਤਿੰਨ ਬੱਚੇ ਗੁਟਕਾ ਸਾਹਿਬ ਜੀ ਦੇ ਅੰਗਾਂ ਨੂੰ ਪਾੜ ਕੇ ਸੜਕਾਂ ਤੇ ਸੁੱਟ ਰਹੇ ਹਨ । ਵੱਖ ਵੱਖ ਧਰਮਾਂ ਦੇ ਪਵਿੱਤਰ ਧਾਰਮਿਕ ਗੰਥਾਂ ਦੀਆਂ ਬੇਅਦਬੀਆਂ ਦੇ ਮਾਮਲੇ ਦਿਨੋ ਦਿਨ ਵੱਧ ਰਹੇ ਸਨ ਜਿਸ ਵਜੋਂ ਸਖਤ ਸਜਾਵਾਂ ਅਮਲ ਵਿੱਚ ਲਿਆਉਣੀਆਂ ਜਰੂਰੀ ਹਨ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਟਰਾਂਸਪੋਰਟ ਵਿੰਗ ਦੇ ਸੂਬਾ ਪ੍ਰਧਾਨ ਹਰਬੰਸ ਸਿੰਘ ਸਲੇਮਪੁਰ ਨੇ ਕੀਤਾ।

ਉਨਾ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਾਨੂੰ ਜੀਵਨ ਦੀ ਸੱਚੀ ਅਗਵਾਈ ਦਿੰਦੇ ਹਨ ਜਿਸ ਲਈ ਸਾਨੂੰ ਗੁਰੂ ਗ੍ਰੰਥ ਸਾਹਿਬ ਜੀ ਦਾ ਸਤਿਕਾਰ ਤੇ ਮਰਯਾਦਾ ਨੂੰ ਕਾਇਮ ਰੱਖਣਾ ਤੇ ਗੁਰੂ ਘਰਾਂ ਦੀ ਚੇਤੰਨ ਹੋ ਕੇ ਸੇਵਾ ਸੰਭਾਲ ਕਰਨੀ ਜਰੂਰੀ ਹੈ । ਮਨੁੱਖਤਾਂ ਨੂੰ ਸਹੀ ਮਾਰਗ ਦਾ ਰਾਹ ਦਰਸਾਉਣ ਵਾਲੀ ਗੁਰਬਾਣੀ ਦੀ ਬੇਅਦਬੀ ਦੀ ਕੋਸਿਸ ਕਰਨ ਤੇ ਬੇਅਦਬੀ ਕਰਨ ਦੀਆਂ ਘਟਨਾਵਾਂ ਜਾਰੀ ਹਨ ਤੇ ਦੋਸੀਆਂ ਤੋਂ ਸਖਤੀ ਨਾਲ ਪੁੱਛਗਿੱਛ ਕਰਕੇ ਇਸ ਸਾਜਿਸ ਦੇ ਪਿੱਛੇ ਕੰਮ ਕਰਨ ਵਾਲੇ ਮਾਸਟਰ ਮਾਈਂਡ ਨੂੰ ਵੀ ਜਨਤਕ ਕੀਤਾ ਜਾਣਾ ਚਾਹੀਦਾ ਹੈ । ਉਨਾ ਕਿਹਾ ਕਿ ਕਨੂੰਨ ਦੇ ਸਖਤ ਨਿਯਮ ਨਾ ਹੋਣ ਕਾਰਨ ਬੇਅਦਬੀ ਦੀਆਂ ਘਟਨਾਵਾਂ ਆਏ ਦਿਨ ਵਧ ਰਹੀਆਂ ਹਨ ਤੇ ਬੇਅਦਬੀ ਦੀਆਂ ਜਾਰੀ ਘਟਨਾਵਾਂ ਨੂੰ ਰੋਕਣ ਲਈ ਫਾਂਸੀ ਦੀ ਸਜਾ ਵਜੋ ਸਖਤ ਸਜਾਵਾਂ ਅਮਲ ਵਿੱਚ ਲਿਆਦੀਆਂ ਜਾਣੀਆਂ ਚਾਹੀਦੀਆਂ ਹਨ।

# ਯੂਨੀਵਰਸਿਟੀ ਕਾਲਜ ਢਿੱਲਵਾਂ ਵਿਖੇ ਫੌਜ ਵਿੱਚ ਕੈਰੀਅਰ ਅਤੇ ਜਿੰਦਗੀ ਦੀਆਂ ਜੁੰਮੇਵਾਰੀਆਂ ਸੰਬਧੀ ਬੱਚਿਆਂ ਨੂੰ ਜਾਣਕਾਰੀ ਦਿੱਤੀ

**ਬਰਨਾਲਾ, 25 ਮਾਰਚ (ਆਵਾਜ਼ਿ ਕੌਮ ਬਿਊਰੋ)**-ਯੂਨਿਵਰਸਿਟੀ ਕਾਲਜ ਢਿੱਲਵਾਂ ਵਿਖੇ 12ਵੀ ਤੋਂ ਬੀਏ ਤੱਕ ਦੇ ਬੱਚਿਆਂ ਨੂੰ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਨੇ ਫੌਜ ਵਿੱਚ ਲੜਕੇ ਅਤੇ ਲੜਕੀਆਂ ਲਈ ਕਰੀਅਰ ਸਬੰਧੀ ਜਾਣਕਾਰੀ ਦਿੱਤੀ ਇਸ ਬਾਬਤ ਇਕ ਪ੍ਰੈਸ ਨੋਟ ਜਾਰੀ ਕਰਕੇ ਪ੍ਰੋ ਜਗਦੀਪ ਸਿੰਘ ਅਤੇ ਰਮਨਦੀਪ ਸਿੰਘ ਨੇ ਸਾਂਝਾ ਬਿਆਨ ਜਾਰੀ ਕਰਕੇ ਦੱਸਿਆ ।ਉਹਨਾਂ ਕਿਹਾ ਕਿ ਕੈਪਟਨ ਸਿੱਧੂ ਨੇ ਦਸਿਆ ਕਿ ਫੌਜ ਅੱਜ ਕੱਲ ਕੁੜੀਆ ਅਤੇ ਮੁੰਡਿਆ ਨੂੰ ਦੇਸ ਦੀ ਸੇਵਾ ਕਰਨ ਦਾ ਮੌਕਾ ਪ੍ਰਦਾਨ ਕਰਦੀ ਹੈ ਉਹਨਾਂ ਦਸਿਆ ਕਿ ਦਸਵੀਂ ਬਾਰਵੀਂ ਅਤੇ ਗ੍ਰੈਜੂਏਸ਼ਨ ਤੋਂ ਬਾਦ ਇੰਡੀਅਨ ਨੇਵੀ ਆਰਮੀ ਅਤੇ ਏਅਰ ਫੋਰਸ ਵਿੱਚ ਭਰਤੀ ਹੋਇਆ ਜਾ ਸਕਦਾ ਹੈ ਉਮਰ 18 ਤੋ 22 ਸਾਲ ਤਕ ਜਿੰਨਾ ਬੱਚਿਆਂ ਨੇ ਬਾਰਵੀਂ ਫਿਜਿਕਸ ਮੈਥ ਅਤੇ ਕਮਿਸਟਰੀ ਨਾਲ 70 ਪ੍ਰਤੀਸ਼ਤ ਤੋਂ ਜਿਆਦਾ ਨੰਬਰ ਹਨ ਉਹ ਐਨ ਡੀ ਏ ਵਿੱਚ ਜਾ ਸਕਦੇ ਹਨ ਅਤੇ ਇੰਜੀਨੀਅਰਿੰਗ ਅਤੇ ਸਾਇੰਸ ਨਾਲ ਬੀ ਐੱਸ ਸੀ ਅਤੇ ਲਾਅ ਕੀਤੇ ਬੱਚੇ ਸਿੱਧਾ ਅਫ਼ਸਰ ਭਰਤੀ ਹੋ ਸਕਦੇ ਹਨ ਉਹਨਾਂ ਬੱਚਿਆਂ ਨੂੰ ਸਵੱਛ ਵਾਤਾਵਰਨ ਦੀ ਉਹਨਾਂ ਦੀ ਜਿੰਦਗੀ ਵਿੱਚ ਮਹੱਤਤਾ ਬਾਬਤ ਦੱਸਿਆ ਸਿੱਧੂ ਨੇ ਗੁਰਬਾਣੀ ਦੀਆਂ ਪੰਕਤੀਆਂ ਬੋਲ ਕੇ ਕਿਹਾ ਪਵਨ ਗੁਰੂ ਪਾਣੀ ਪਿਤਾ ਮਾਤਾ ਧਰਤ ਮਹਤ ਦੀ ਮਹੱਤਤਾ ਬਾਬਤ ਬੋਲਦਿਆ ਕਿਹਾ ਕਿ ਪਾਣੀ ਆਪਣੀ ਜਿੰਦਗੀ ਦਾ ਬਹੁਤ ਹੀ ਅਨਿੱਖੜਵਾਂ ਅੰਗ ਹੈ ਇਸ ਦੀ ਸੰਭਾਲ ਤੇ ਜੋਰ ਦਿੱਤਾ ਉਹਨਾਂ ਨੌਜਵਾਨ ਬੱਚਿਆਂ ਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਸਖ਼ਤੀ ਨਾਲ ਕਰਨ ਲਈ ਪ੍ਰੇਰਿਆ ਤਾਕਿ ਅਣਸੁਖਾਵੀਆਂ ਘਟਨਾਵਾਂ ਨਾ ਹੋਣ ਸਮਾਜ ਵਿੱਚ ਜਾਤ ਪਾਤ ਅਤੇ ਦਹੇਜ ਵਰਗੀਆਂ ਅਲਾਮਤਾਂ ਤੋਂ ਦੂਰ ਰਹਿਣ ਲਈ ਪ੍ਰੇਰਿਆ ਅਖੀਰ ਵਿੱਚ ਸਿੱਧੂ ਨੇ ਅਧਿਆਪਕਾ ਦਾ ਸਤਿਕਾਰ ਅਤੇ ਮਨ ਲਗਾਕੇ ਪੜ੍ਹਨ ਲਈ ਪ੍ਰੇਰਿਆ ਇਸ ਮੌਕੇ ਵਾਰੰਟ ਅਫ਼ਸਰ ਸਮਸ਼ੇਰ ਸਿੰਘ ਸੂਬੇਦਾਰ ਧੰਨਾ ਸਿੰਘ ਹੌਲਦਾਰ ਬਸੰਤ ਸਿੰਘ ਗੁਰਦੇਵ ਸਿੰਘ ਮੱਕੜ ਅਤੇ ਕਾਲਜ ਵੱਲੋ ਪ੍ਰੋ ਅੰਮ੍ਰਿਤਪਾਲ ਕੌਰ ਪ੍ਰੋ ਗੁਰਪ੍ਰੀਤ ਸਿੰਘ ਪ੍ਰੋ ਸੰਦੀਪ ਸ਼ਰਮਾ ਪ੍ਰੋ ਸਵਰਨ ਕੌਰ ਪ੍ਰੋ ਸੁਖਪਾਲ ਕੌਰ ਪ੍ਰੋ ਮਨਪ੍ਰੀਤ ਸਿੰਘ ਪ੍ਰੋ ਕਮਲਜੀਤ ਕੌਰ ਹਾਜਰ ਸਨ।

# ਕਲਾ ਕਦੇ ਮਰਦੀ ਨਹੀਂ

ਮੈਂ ਮੀਂਹ ਵਿੱਚ ਕੱਚੇ ਘੜੇ
ਵਾਂਗਰਾਂ ਖੁਰ ਜਾਵਾਂਗਾ ।
ਜਾਂ ਗਿੱਲੇ ਹੋਏ ਬਿਸਕਿਟ
ਵਾਂਗੂੰ ਭੁਰ ਜਾਵਾਂਗਾ ।
ਮੇਰੇ ਗੀਤ ਫ਼ੇਰ ਵੀ ਮੇਰੇ
ਲੋਕਾਂ ਨੂੰ ਚੇਤੇ ਰਹਿਣੇ ;
ਮੈਂ ਇੱਕ ਦਿਨ ਜਦ ਇਸ
ਧਰਤੀ ਤੋਂ ਵੀ ਤੁਰ ਜਾਵਾਂਗਾ।

**-ਮੂਲ ਚੰਦ ਸ਼ਰਮਾ ਪ੍ਰਧਾਨ**
**ਪੰਜਾਬੀ ਸਾਹਿਤ ਸਭਾ ਧੂਰੀ ਜ਼ਿਲ੍ਹਾ ਸੰਗਰੂਰ**

### ਜਗਰਾਉਂ 18 ਮਾਰਚ ਦੀ ਅਕਾਲੀ ਦਲ ਦੀ ਲੰਘੀ ਰੈਲੀ ਨੂੰ ਲੈ ਕੇ

# ਵਿਵਾਦਤ ਟਿੱਪਣੀਆਂ ਕਰਨ 'ਤੇ ਮਾਮਲਾ ਭਖਿਆ



**ਜਗਰਾਉਂ, 25 ਮਾਰਚ (ਵਰਿਆਮ ਹਠੂਰ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਜਗਰਾਉਂ ਵਿਖੇ 18 ਮਾਰਚ ਨੂੰ ਕੀਤੀ ਪੰਜਾਬ ਬਚਾਓ ਰੈਲੀ 'ਤੇ ਵਿਵਾਦਗ੍ਰਸਤ ਟਿੱਪਣੀਆਂ ਕਰਨ ਨੂੰ ਲੈ ਕੇ ਸ਼੍ਰੋਮਣੀ ਆਕਾਲੀ ਦਲ ਨੇ ਆਮ ਆਦਮੀ ਸਮੱਰਥਕ ਸਰਪੰਚ ਗੋਪਾਲ ਸਿੰਘ ਪਾਲੀ ਖਿਲਾਫ਼ ਗੰਭੀਰ ਨੋਟਿਸ ਲਿਆ ਹੈ। ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਸ਼੍ਰੀ ਐੱਸ ਆਰ ਕਲੇਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ 18 ਮਾਰਚ ਨੂੰ ਜਗਰਾਉ ਵਿਖੇ ਕੀਤੀ "ਪੰਜਾਬ ਬਚਾਓ ਰੈਲੀ " 'ਤੇ ਆਮ ਆਦਮੀ ਪਾਰਟੀ ਦੇ ਸਮੱਰਥਕ ਪਿੰਡ ਡੱਲਾ ਦੇ ਸਰਪੰਚ ਗੋਪਾਲ ਸਿੰਘ ਪਾਲੀ ਡੱਲਾ ਨੇ ਇਤਰਾਜ਼ਯੋਗ ਟਿੱਪਣੀਆਂ ਕੀਤੀਆਂ ਹਨ। ਸਰਪੰਚ ਡੱਲਾ ਨੇ ਇਸ ਰੈਲੀ ਵਿੱਚ ਵਰਤਾਏ ਜਾਣ ਵਾਲੇ ਲੰਗਰ ਨੂੰ ਗੁਰਦੁਆਰਾ ਗੁਰੂਸਰ ਕਾਉਂਕੇ ਤੋਂ ਲਿਆਏ ਜਾਣ ਦੇ ਇਲਜ਼ਾਮ ਲਾਏ ਹਨ। ਅੱਜ ਸ਼੍ਰੋਮਣੀ ਅਕਾਲੀ ਦਲ ਹਲਕਾ ਜਗਰਾਓ ਦੀ ਸਮੁੱਚੀ ਲੀਡਰਸ਼ਿਪ ਨੇ ਸਰਪੰਚ ਡੱਲਾ ਦੀ ਇਸ ਪ੍ਰਤੀਕਿਰਿਆ ਦਾ ਸਖਤ ਨੋਟਿਸ ਲੈਂਦਿਆਂ ਸਰਪੰਚ ਡੱਲਾ ਨੂੰ ਇਸ ਵਿਵਾਦਗ੍ਰਸਤ ਬਿਆਨ ਨੂੰ ਲੈ ਕੇ ਸਬੂਤ ਪੇਸ਼ ਕਰਨ ਲਈ 24 ਘੰਟੇ ਦਾ ਸਮਾਂ ਦਿੱਤਾ ਹੈ। ਸਿੱਟੇ ਵਜੋਂ ਕਾਰਵਾਈ ਲਈ ਤਿਆਰ ਰਹਿਣ ਦਾ ਸੱਦਾ ਵੀ ਦਿੱਤਾ ਹੈ। ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਐਸ.ਆਰ.ਕਲੇਰ ਨੇ ਅੱਗੇ ਆਖਿਆ ਕਿ 18 ਦੀ ਰੈਲੀ ਦੀ ਸਫਲਤਾ 'ਚ ਆਏ ਵਿਰੋਧੀ ਦਲਾਂ ਨੇ ਘਿਨਾਉਣੀਆਂ ਹਰਕਤਾਂ ਨੂੰ ਅੰਜਾਮ ਦੇਣਾ ਸ਼ੁਰੂ ਕਰ ਦਿੱਤਾ ਹੈ। ਉਨ੍ਹਾਂ ਆਖਿਆ ਕਿ ਆਪ ਸਰਪੰਚ ਨੇ ਸ਼ਾਜਿਸ਼ੀ ਢੰਗ ਨਾਲ ਟਿੱਪਣੀ ਕੀਤੀ ਹੈ ਤੇ ਇਹ ਟਿੱਪਣੀ ਉਸਨੂੰ ਬੇਹੱਦ ਮਹਿੰਗੀ ਪਵੇਗੀ । ਕਲੇਰ ਨੇ ਆਖਿਆ ਕਿ ਸਰਪੰਚ 24 ਘੰਟੇ ਅੰਦਰ ਮੁਆਫੀ ਮੰਗੇ ਨਹੀਂ ਤਾਂ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਜਿਸ ਤਰਾਂ ਸਰਪੰਚ ਡੱਲਾ ਨੇ ਗੁਰਧਾਮਾਂ ਨੂੰ ਸੰਬੋਧਨ ਹੋ ਕੇ ਸਿੱਖ ਮਰਿਯਾਦਾਵਾਂ ਅਤੇ ਰੈਲੀ 'ਚ ਲੰਗਰ ਵਰਤਾਏ ਜਾਣ ਦੇ ਝੂਠੇ ਇਲਜਾਮ ਲਾਏ ਹਨ ਉਨ੍ਹਾਂ ਨਾਲ ਧਾਰਮਿਕ ਭਾਵਨਾਵਾਂ ਨੂੰ ਠੇਸ ਪੁੱਜੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਰੈਲੀ 'ਚ ਵਰਤਾਇਆ ਲੰਗਰ ਇਕ ਨਿੱਜੀ ਠੇਕੇਦਾਰ ਰਾਹੀਂ ਹਲਕਾ ਇੰਚਾਰਜ ਐੱਸ ਆਰ ਕਲੇਰ ਵੱਲੋਂ ਲੱਖਾਂ ਰੁਪਏ 'ਚ ਤਿਆਰ ਕਰਵਾਇਆ ਗਿਆ ਹੈ। ਜ਼ਿਲ੍ਹਾ ਪ੍ਰਧਾਨ ਸ. ਚੰਦ ਸਿੰਘ ਡੱਲਾ, ਸਾਬਕਾ ਚੇਅਰਮੈਨ ਸ ਦੀਦਾਰ ਸਿੰਘ ਮਲਕ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ ਨੇ ਵੀ ਸਰਪੰਚ ਪਾਲੀ ਖਿਲਾਫ਼ ਕਾਨੂੰਨੀ ਕਾਰਵਾਈ ਕਰਨ ਦਾ ਡੱਟਵਾ ਸਮੱਰਥਨ ਦਿੱਤਾ ਹੈ। ਉਨ੍ਹਾਂ ਸਰਪੰਚ ਵੱਲੋਂ ਲਾਏ ਇਲਜ਼ਾਮਾਂ ਨੂੰ ਨਿਰਅਧਾਰ ਦੱਸਿਆ ਤੇ ਕਿਹਾ ਕਿ ਉਨ੍ਹਾਂ ਕੋਲ ਠੇਕੇਦਾਰ ਵੱਲੋਂ ਵਸੂਲੀ ਰਕਮ ਦੀ ਵਸੂਲੀ ਦੇ ਅਹਿਮ ਦਸਤਾਵੇਜ ਮੌਜੂਦ ਹਨ । ਉਨ੍ਹਾਂ ਕਿਹਾ ਕਿ ਰੈਲੀ ਦੇ ਨੇੜੇ ਜਿਸ ਥਾਂ ਲੰਗਰ ਤਿਆਰ ਕੀਤਾ ਗਿਆ ਉਸ ਥਾਂ ਲੱਗੇ ਸੀ.ਸੀ.ਟੀ.ਵੀ ਕੈਮਰਿਆਂ ਦੀ ਫੁਟੇਜ ਵੀ ਪੁਖਤਾ ਤੇ ਮਹੱਤਵਪੂਰਨ ਸਰੋਤ ਹੈ ਜੋ ਉਨ੍ਹਾਂ ਨੂੰ ਬਦਨਾਮ ਕਰਨ ਦੀ ਸ਼ਾਜਿਸ਼ੀ ਚਾਲ ਨੂੰ ਬੇਨਕਾਬ ਕਰਦੀ ਹੈ। ਇਸ ਮੌਕੇ ਨਾਲ ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਗੁਰਦਵਾਰਾ ਗੁਰੂਸਰ ਮੈਨੇਜ਼ਰ ਗੁਰਪ੍ਰੀਤ ਸਿੰਘ ਕਾਉਂਕੇ, ਆਈ ਟੀ ਵਿੰਗ ਹਲਕਾ ਕੋਆਡੀਨੇਟਰ ਗੁਰਪ੍ਰੀਤ ਸਿੰਘ ਬੱਸੂਵਾਲ, ਪ੍ਰਧਾਨ ਸਤਨਾਮ ਸਿੰਘ ਬੱਸੂਵਾਲ, ਪ੍ਰਧਾਨ ਜਗਜੀਤ ਸਿੰਘ ਡੱਲਾ, ਬਲਾਕ ਸੰਮਤੀ ਮੈਂਬਰ ਸੁਰਿੰਦਰ ਸਿੰਘ ਡੱਲਾ, ਪ੍ਰਧਾਨ ਜਸਵੰਤ ਸਿੰਘ ਕੋਠੇ ਖੰਜੂਰਾਂ, ਯੂਥ ਆਗੂ ਗੁਰਿੰਦਰ ਸਿੰਘ ਰੂੰਮੀ, ਠੇਕੇਦਾਰ ਵਿੱਕੀ ਜਗਰਾਓਂ, ਸੱਤੀ ਗਗੜਾ, ਜਗਤਾਰ ਸਿੰਘ ਕੋਠੇ ਅੱਠ ਚੱਕ ਹਾਜ਼ਰ ਸਨ।

**ਸਰਪੰਚ 24 ਘੰਟੇ 'ਚ ਮੁਆਫੀ ਮੰਗੇ ਜਾਂ ਕਾਰਵਾਈ ਲਈ ਤਿਆਰ ਰਹੇ : ਅਕਾਲੀ ਆਗੂ**

ਆਵਾਜ਼ਿ ਕੌਮ AWAZE QAUM International Newspaper & WEB TV

### 100 ਦਿਨਾਂ ਦੀ ਇੰਟੈਂਸਿਵ ਟੀਬੀ ਅਲੀਮੀਨੇਸ਼ਨ ਕੈਂਪੇਨ ਤਹਿਤ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ

# ਸਿਹਤ ਵਿਭਾਗ ਵੱਲੋਂ ਟੀਬੀ ਦੇ ਖਾਤਮੇ ਲਈ ਸਮੂਹਿਕ ਯਤਨਾਂ ਨੂੰ ਹੋਰ ਤੇਜ ਕਰਨ 'ਤੇ ਜੋਰ






**ਜਲੰਧਰ, 25 ਮਾਰਚ (ਆਵਾਜ਼ਿ ਕੌਮ ਬਿਊਰੋ)**: ਸਿਵਲ ਸਰਜਨ ਡਾ. ਰਾਜੇਸ਼ ਗਰਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਸਿਹਤ ਵਿਭਾਗ ਜਲੰਧਰ ਵੱਲੋਂ 100 ਦਿਨਾਂ ਦੇ ਇੰਟੈਂਸਿਫਾਈਡ ਟੀਬੀ ਅਲੀਮੀਨੇਸ਼ਨ ਕੈਂਪੇਨ ਤਹਿਤ ਟੀਬੀ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਸਹਾਇਕ ਸਿਹਤ ਅਫ਼ਸਰ ਡਾ. ਮੀਰਾ ਵੱਲੋਂ ਪ੍ਰੋਗਰਾਮ ਦੀ ਅਗਵਾਈ ਕੀਤੀ ਗਈ ਅਤੇ ਇਸ ਸਬੰਧੀ ਐਨ.ਟੀ.ਈ.ਪੀ. ਸਟਾਫ ਤੇ ਆਸ਼ਾ ਵਰਕਰਾਂ ਨੂੰ ਸੈਂਸੇਟਾਈਜ਼ ਕੀਤਾ ਗਿਆ ਤਾਂ ਜੋ ਇਹ ਸੁਨੇਹਾ ਜਮੀਨੀ ਪੱਧਰ ਤੱਕ ਅਤੇ ਹਰ ਜ਼ਰੂਰਤਮੰਦ ਵਿਅਕਤੀ ਤੱਕ ਪਹੁੰਚ ਸਕੇ। ਇਸ ਦੌਰਾਨ 100 ਦਿਨਾਂ ਦੀ ਇੰਟੈਂਸਿਫਾਈਡ ਟੀਬੀ ਅਲੀਮੀਨੇਸ਼ਨ ਕੈਂਪੇਨ ਸਬੰਧੀ ਜਾਗਰੂਕਤਾ ਸਮੱਗਰੀ (ਬੈਨਰ, ਪੋਸਟਰ) ਰੀਲੀਜ਼ ਕੀਤੀ ਗਈ। ਸਹਾਇਕ ਸਿਹਤ ਅਫ਼ਸਰ ਡਾ. ਮੀਰਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਵਿਸ਼ਵ ਟੀਬੀ ਦਿਵਸ 2026 ਦਾ ਵਿਸ਼ਾ "ਹਾਂ! ਅਸੀਂ ਟੀਬੀ ਨੂੰ ਖਤਮ ਕਰ ਸਕਦੇ ਹਾਂ!" ਟੀਬੀ ਨੂੰ ਖਤਮ ਕਰਨ ਦੇ ਸਮੂਹਿਕ ਸੰਕਲਪ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸਭ ਨੂੰ ਵੀ ਇਸ ਮੌਕੇ ਟੀਬੀ ਨੂੰ ਖਤਮ ਕਰਨ ਦਾ ਸੰਕਲਪ ਲੈਣਾ ਚਾਹੀਦਾ ਹੈ ਅਤੇ ਇਸਦੇ ਇਲ਼ਾਜ ਪ੍ਰਤੀ ਵਧ ਤੋਂ ਵਧ ਲੋਕਾਂ ਨੂੰ ਜਾਗਰੂਕ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਟੀ.ਬੀ. ਦੇ ਖਾਤਮੇ ਲਈ ਸਮੂਹਿਕ ਯਤਨਾਂ ਨੂੰ ਹੋਰ ਤੇਜ਼ ਕਰਨ ਦੀ ਲੋੜ 'ਤੇ ਜੋਰ ਦਿੱਤਾ। ਜਿਲ੍ਹਾ ਟੀਬੀ ਅਫ਼ਸਰ (ਕਾਰਜਕਾਰੀ) ਡਾ. ਪਰਮਵੀਰ ਸਿੰਘ ਨੇ ਕਿਹਾ ਕਿ ਟੀ.ਬੀ. ਲਾਇਲਾਜ ਨਹੀਂ ਹੈ, ਸਰਕਾਰ ਟੀ.ਬੀ. ਦੇ ਮਰੀਜਾਂ ਨੂੰ ਚੰਗੀ ਗੁਣਵੱਤਾ ਵਾਲੀਆਂ ਦਵਾਈਆਂ, ਜਾਂਚ ਸਹੂਲਤਾਂ ਪ੍ਰਦਾਨ ਕਰ ਰਹੀ ਹੈ ਜੋ ਕਿ ਪ੍ਰਭਾਵਸ਼ਾਲੀ ਅਤੇ ਮੁਫ਼ਤ ਹਨ। ਨਿਯਮਤ ਦਵਾਈ ਅਤੇ ਚੰਗੀ ਖੁਰਾਕ ਹੀ ਟੀ.ਬੀ. ਤੋਂ ਬਚਾਅ ਲਈ ਅਸਲ ਕੁੰਜੀ ਹੈ। ਸ਼ਰੀਰ ਦੀ ਰੋਗਾਂ ਨਾਲ ਲੜਨ ਦੀ ਸਮਰਥਾ ਨੂੰ ਵਧਾਉਣ ਲਈ ਪੌਸ਼ਟਿਕ ਖੁਰਾਕ, ਰੋਜਾਨਾ ਵਰਜਿਸ਼ ਤੇ ਸੈਰ ਜਰੂਰ ਕਰਨੀ ਚਾਹੀਦੀ ਹੈ। ਇਸਦੇ ਨਾਲ ਹੀ ਨਿਯਮਤ ਦਵਾਈ ਦਾ ਸੇਵਨ ਕਰਨਾ ਚਾਹੀਦਾ ਹੈ। ਮੈਡੀਕਲ ਅਫ਼ਸਰ ਡਾ. ਰਘੂ ਸੱਭਰਵਾਲ ਨੇ ਕਿਹਾ ਕਿ ਟੀ.ਬੀ. ਦਾ ਰੋਗ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਤੱਕ ਫੈਲਦਾ ਹੈ, ਜੇਕਰ ਕਿਸੇ ਵਿਅਕਤੀ ਨੂੰ ਦੋ ਹਫਤੇ ਤੋਂ ਵੱਧ ਖੰਘ, ਸ਼ਾਮ ਸਮੇਂ ਹਲਕਾ ਬੁਖਾਰ, ਲਗਾਤਾਰ ਭਾਰ ਘੱਟਣਾ, ਥਕਾਵਟ ਅਤੇ ਭੁੱਖ ਘੱਟ ਲੱਗਣ ਦੀ ਸ਼ਿਕਾਇਤ ਆਦਿ ਲੱਛਣ ਹੋਣ ਤਾਂ ਨਜਦੀਕੀ ਸਰਕਾਰੀ ਸਿਹਤ ਸੰਸਥਾ ਵਿੱਚ ਤੁਰੰਤ ਜਾਂਚ ਕਰਵਾਉਣੀ ਚਾਹੀਦੀ ਹੈ। ਸਮਾਰੋਹ ਦੌਰਾਨ ਵਿਦਿਆਰਥਿਆਂ ਵੱਲੋਂ ਨੁੱਕੜ ਨਾਟਕ ਪੇਸ਼ ਕਰਕੇ ਟੀਬੀ ਦੀ ਰੋਕਥਾਮ ਪ੍ਰਤੀ ਜਾਗਰੂਕ ਕੀਤਾ ਗਿਆ। ਇਸ ਮੌਕੇ ਮੈਡੀਕਲ ਅਫ਼ਸਰ ਡਾ. ਪ੍ਰੀਤਇੰਦਰ ਸਿੰਘ, ਏਸੀਐਫ ਕੋਆਰਡੀਨੇਟਰ ਡਾ. ਜੋਤੀ ਬਾਲਾ, ਡਿਪਟੀ ਐਮ.ਈ.ਆਈ.ਓ. ਅਸੀਮ ਸ਼ਰਮਾ, ਡਬਲਯੂਐਚਪੀ (ਵਰਲਡ ਹੈਲਥ ਪਾਰਟਨਰ) ਮਿਸ ਨੀਲਮ, ਸ਼੍ਰੀਮਤੀ ਏਕਤਾ, ਅਮਿਤ ਅਤੇ ਸਮੂਹ ਐਨ.ਟੀ.ਈ.ਪੀ. ਸਟਾਫ ਮੌਜੂਦ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

## ਇੱਕ ਨਜ਼ਰ...



# ਸਾਹਿਤ ਸਭਾ ਮਾਛੀਵਾੜਾ ਦੀ ਸਾਹਿਤਕ ਬੈਠਕ ਹੋਈ

ਮਾਛੀਵਾੜਾ ਸਾਹਿਬ, 25 ਮਾਰਚ (**ਆਵਾਜ਼ਿ ਕੌਮ ਬਿਊਰੋ**)-ਸਾਹਿਤ ਸਭਾ ਮਾਛੀਵਾੜਾ ਦੀ ਮਹੀਨਾਵਾਰ ਸਾਹਿਤਕ ਇਕੱਤਰਤਾ ਇਥੋਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਭਾ ਦੇ ਮੀਤ ਪ੍ਰਧਾਨ ਬਲਜਿੰਦਰ ਸਿੰਘ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਵਿੱਚ ਰਚਨਾਵਾਂ ਦੇ ਦੌਰ ਵਿੱਚ ਅਵਤਾਰ ਸਿੰਘ ਉਟਾਲਾਂ ਨੇ ਆਪਣੇ ਵੱਖਰੇ ਅੰਦਾਜ਼ ਵਿੱਚ ਕੁਝ ਸ਼ੇਅਰ ਸੁਣਾਏ ਜਿਹਨਾਂ ਬਾਰੇ ਕਾਫੀ ਗੱਲਾਂ ਹੋਈਆਂ। ਇਸ ਉਪਰੰਤ ਡਾ ਅਮਰਜੀਤ ਸਹਿਗਲ ਨੇ ਕਵਿਤਾ 'ਸੱਜਣ ਜੀ ਤੁਧੁ ਬਿਨੁ ਅਸੀਂ ਧੁਆਂਖੇ' ਸੁਣਾਈ। ਇਸ ਉਪਰੰਤ ਖਰੜ ਤੋਂ ਆਈ ਕਵਿੱਤਰੀ ਨਿਰਵੈਰ ਕੌਰ ਨੇ ਆਪਣੀ ਗਜ਼ਲ 'ਮੈਂ ਕੰਡਿਆਂ ਵਰਗੇ ਬੋਲਾਂ ਦੇ ਮੁੱਢ ਗ.ਮ ਦੀਆਂ ਯਾਦਾਂ ਧਰਦੀ ਹਾਂ' ਸੁਣਾਈ, ਜਿਸ ਨੂੰ ਦਾਦ ਦੇ ਨਾਲ ਨਾਲ ਗ.ਜ਼ਲ ਦੇ ਕਈ ਪੱਖਾਂ ਬਾਰੇ ਸੁਝਾਅ ਵੀ ਪੇਸ਼ ਕੀਤੇ ਗਏ। ਇਸ ਤੋਂ ਬਾਅਦ ਕਸ਼ਮੀਰ ਸਿੰਘ ਨੇ ਐੱਸ ਨਸੀਮ ਬਾਰੇ ਆਪਣੀ ਕਵਿਤਾ ਸੁਣਾਈ ਜਿਸ ਤੇ ਕਾਫੀ ਚਰਚਾ ਹੋਈ। ਫਿਰ ਸ਼ਾਇਰ ਹਰਨਾਮ ਸਿੰਘ ਡੱਲਾ ਨੇ ਆਪਣੀ ਗਜ਼ਲ 'ਇਹ ਝਰਨੇ ਲੋਕਤੰਤਰ ਦੇ 'ਚੋ ਛਾਣੇ ਹੀ ਨਹੀਂ ਜਾਂਦੇ, ਇਹ ਰਹਿਬਰ ਨੇ ਜਾਂ ਕਾਤਲ ਨੇ ਪਹਿਚਾਣੇ ਹੀ ਨਹੀਂ ਜਾਂਦੇ', ਸੁਣਾਈ ਜਿਸ ਤੇ ਚਰਚਾ ਦੇ ਨਾਲ ਨਾਲ ਦਾਦ ਵੀ ਮਿਲੀ। ਇਸ ਤੋਂ ਬਾਅਦ ਹਿੰਦੀ ਕਵੀ ਸੁਰਜੀਤ ਵਿਸ਼ਵ ਨੇ ਆਪਣੀ ਹਿੰਦੀ ਕਵਿਤਾ 'ਤੁਮ ਆਕਾਸ਼ ਹੋ ਗਈ ਹੋ' ਸੁਣਾਈ ਜਿਸਨੂੰ ਕਾਫੀ ਦਾਦ ਮਿਲੀ। ਫਿਰ ਸ਼ਾਇਰ ਮਲਕੀਤ ਸਿੰਘ ਨੇ ਆਪਣੀ ਗਜ਼ਲ 'ਪਹਿਲਾ ਕਦਮ ਪੁੱਟਣ ਦੇ ਸਦਕਾ ਸਫਰ ਲਮੇਰਾ ਸਰ ਹੁੰਦਾ ਏ, ਪੀੜਾਂ ਦਰਦ ਸਹਾਰਨ ਦੇ ਲਈ ਦਿਲ ਤੇ ਪੱਥਰ ਧਰ ਹੁੰਦਾ ਏ', ਸੁਣਾਈ ਜਿਸ ਨੂੰ ਚੰਗਾ ਹੁੰਗਾਰਾ ਮਿਲਿਆ। ਇਸ ਤੋਂ ਬਾਅਦ ਸ਼ਾਇਰ ਬਲਜਿੰਦਰ ਸਿੰਘ ਨੇ ਗਜ਼ਲ 'ਤਰਾਸ਼ਾ ਮੈਂ ਮੇਰਾ ਅੰਦਰ ਕੋਈ ਔਜਾਰ ਤਾਂ ਦੱਸੋ, ਮਿਲੇ ਜਿੱਥੋਂ ਖੁਸ਼ੀ ਖੇੜਾ ਜੇ ਹੈ ਬਾਜ਼ਾਰ ਤਾਂ ਦੱਸੋ', ਸੁਣਾਈ ਜਿਸ ਤੇ ਚਰਚਾ ਦੇ ਨਾਲ ਨਾਲ ਦਾਦ ਵੀ ਮਿਲੀ। ਇਸ ਤੋਂ ਬਾਅਦ ਗ.ਜ਼ਲਗੋ ਨਿਰੰਜਨ ਸੂਖਮ ਨੇ ਆਪਣੀ ਨਵੀਂ ਗਜ਼ਲ ਸੁਣਾਈ ਜਿਸ ਦਾ ਇੱਕ ਸ਼ੇਅਰ ਹੈ,' ਮਹਿਜ ਚਾਨਣ ਦੀ ਇਕ ਕਾਤਰ ਦਿਖਾ ਦਿੰਦੀ ਦਿਨੇ ਤਾਰੇ, ਹਨੇਰਾ ਕਰ ਲਵੇ ਜੀ ਭਰ ਕੇ ਜਿੰਨੀ ਬਾਤ ਕਰਦਾ ਹੈ', ਇਸ ਗਜ਼ਲ ਨੂੰ ਬਹੁਤ ਦਾਦ ਮਿਲੀ। ਪੜ੍ਹੀਆਂ ਗਈਆਂ ਸਾਰੀਆਂ ਰਚਨਾਵਾਂ ਤੇ ਹਾਜ਼ਰ ਸਹਿਤਕਾਰਾਂ ਨੇ ਖੂਬ ਚਰਚਾ ਕੀਤੀ। ਇਸ ਇਕੱਤਰਤਾ ਦਾ ਸੰਚਾਲਨ ਸਭਾ ਦੇ ਜਨਰਲ ਸਕੱਤਰ ਨਿਰੰਜਨ ਸੂਖਮ ਨੇ ਕੀਤਾ। ਅੰਤ ਵਿੱਚ ਆਏ ਸਾਰੇ ਸਾਹਿਤਕਾਰਾਂ ਦਾ ਧੰਨਵਾਦ ਪ੍ਰਧਾਨ ਬਲਜਿੰਦਰ ਸਿੰਘ ਵੱਲੋਂ ਕੀਤਾ ਗਿਆ।

# ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਵਲੋਂ ਪਿੰਡਾਂ 'ਚ ਵਿਕਾਸ ਕਾਰਜਾਂ ਦੀ ਸਮੀਖਿਆ

### ਕਰੀਬ 2 ਕਰੋੜ ਰੁਪਏ ਦੀ ਲਾਗਤ ਵਾਲੇ ਕਾਰਜਾਂ ਨਾਲ ਪਿੰਡਾਂ ਦੀ ਬਦਲੇਗੀ ਨੁਹਾਰ : ਡਾ. ਰਵਜੋਤ ਸਿੰਘ



ਹੁਸ਼ਿਆਰਪੁਰ, 25 ਮਾਰਚ (**ਆਵਾਜ਼ਿ ਕੌਮ ਬਿਊਰੋ**)- ਪੰਜਾਬ ਦੇ ਐਨ.ਆਰ.ਆਈ ਮਾਮਲਿਆਂ ਅਤੇ ਜੇਲ੍ਹਾਂ ਮੰਤਰੀ ਡਾ. ਰਵਜੋਤ ਸਿੰਘ ਨੇ ਵਿਧਾਨ ਸਭਾ ਹਲਕਾ ਸ਼ਾਮ ਚੁਰਾਸੀ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਇਨ੍ਹਾਂ ਕੰਮਾਂ ਦੇ ਮੁਕੰਮਲ ਹੋਣ ਨਾਲ ਪਿੰਡਾਂ ਦੇ ਵਿਕਾਸ ਦੀ ਦਿੱਖ ਹੋਰ ਬਿਹਤਰੀਨ ਹੋ ਜਾਵੇਗੀ। ਐਨ.ਆਰ.ਆਈ ਮਾਮਲਿਆਂ ਅਤੇ ਜੇਲ੍ਹਾਂ ਮੰਤਰੀ ਡਾ. ਰਵਜੋਤ ਸਿੰਘ ਨੇ ਪਿੰਡਾਂ ਵਿਚ ਬਣ ਰਹੇ ਖੇਡ ਮੈਦਾਨਾਂ ਅਤੇ ਬੁਨਿਆਦੀ ਢਾਂਚੇ ਨਾਲ ਸਬੰਧਤ ਵਿਕਾਸ ਕਾਰਜਾਂ ਦੀ ਸਮੀਖਿਆ ਦੌਰਾਨ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਨ੍ਹਾਂ ਕਾਰਜਾਂ ਨੂੰ ਨਿਰਧਾਰਤ ਸਮੇਂ ਵਿਚ ਪੂਰਾ ਕਰਨ ਨੂੰ ਯਕੀਨੀ ਬਣਾਇਆ ਜਾਵੇ। ਕੈਬਨਿਟ ਮੰਤਰੀ ਨੇ ਪਿੰਡ ਅਜੜਾਮ, ਮੰਡਿਆਲਾਂ, ਨਸਰਾਲਾ, ਰੰਧਾਵਾ ਬਰੋਟਾ ਅਤੇ ਸਿੰਗੜੀਵਾਲ ਵਿਖੇ ਖੇਡ ਮੈਦਾਨਾਂ ਵਾਲੀਆਂ ਥਾਵਾਂ 'ਤੇ ਪਹੁੰਚ ਕੇ ਮੌਜੂਦਾ ਸਮੇਂ ਕੰਮ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਅਜੜਾਮ ਵਿਖੇ 52.82 ਲੱਖ ਰੁਪਏ, ਸਿੰਗੜੀਵਾਲ ਵਿਖੇ 41.26 ਲੱਖ ਰੁਪਏ, ਨਸਰਾਲਾ ਵਿਖੇ 35.50 ਲੱਖ ਰੁਪਏ, ਮੰਡਿਆਲਾ ਵਿਖੇ 32.99 ਲੱਖ ਰੁਪਏ ਅਤੇ ਰੰਧਾਵਾ ਬਰੋਟਾ ਵਿਖੇ 22.87 ਲੱਖ ਰੁਪਏ ਦੀ ਲਾਗਤ ਨਾਲ ਇਨ੍ਹਾਂ ਵਿਕਾਸ ਕਾਰਜਾਂ ਨੂੰ ਅਮਲੀ ਜਾਮਾ ਪਹਿਨਾਇਆ ਜਾਵੇਗਾ ਤਾਂ ਜੋ ਨੌਜਵਾਨਾਂ ਨੂੰ ਖੇਡਾਂ ਲਈ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵਲੋਂ ਲੋਕ ਭਲਾਈ ਦੇ ਕਾਰਜਾਂ ਨੂੰ ਪੂਰੀ ਤਰਜੀਹ ਦਿੰਦਿਆਂ ਲੋਕਾਂ ਦੇ ਪੱਖ ਵਿਚ ਫੈਸਲੇ ਲਏ ਜਾ ਰਹੇ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਸਿੱਖਿਆ, ਸਿਹਤ, ਖੇਡਾਂ ਅਤੇ ਰੋਜ਼ਗਾਰ ਦੇ ਖੇਤਰ ਵਿਚ ਮਿਸਾਲੀਆ ਕੰਮ ਕੀਤੇ ਗਏ ਹਨ ਜਿਨ੍ਹਾਂ ਦੀ ਹਰ ਪਾਸੇ ਸ਼ਲਾਘਾ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਪੰਜਾਬ ਦੇ ਹਰ ਖੇਤਰ ਵਿਚ ਲੋੜੀਂਦਾ ਵਿਕਾਸ ਯਕੀਨੀ ਬਣਾ ਕੇ ਲੋਕਾਂ ਨੂੰ ਸਮੇਂ ਦੇ ਅਨੁਸਾਰ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਅਤੇ ਆਉਂਦੇ ਸਮੇਂ ਵਿਚ ਵੀ ਲੋਕ ਪੱਖੀ ਫੈਸਲਿਆਂ 'ਤੇ ਮੋਹਰ ਲੱਗਦੀ ਰਹੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★
ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
+447458381111 +447976210161 +919729091243